ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I


International Daily Newspaper & WEB TV

awazeqaumtvpunjab@gmail.com

ਐਤਵਾਰ, 21 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੭ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ਼ਹੀਦੀ ਹਫ਼ਤਾ ( ੭ ਪੋਹ )

ਸਿੱਖ ਧਰਮ ਵਿੱਚ 6 ਪੋਹ ਤੋਂ ਲੈ ਕੇ ਅਗਲਾ ਇੱਕ ਹਫ਼ਤਾ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 20 ਦਸੰਬਰ ਤੋਂ ਲੈ ਕੇ 28 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ ’ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰਾ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਰੋਜ਼ਾਨਾ ਦੱਸ ਰਹੇ ਹਾਂ।



ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

ਆਵਾਜ਼ਿ ਕੌਮ
AWAZE QAUM
International Newspaper & WEB TV

Exclusive News

### ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲਾਪਤਾ 328 ਪਾਵਨ ਸਰੂਪਾਂ ਦੇ ਮਾਮਲੇ ਅਦਾਲਤ ਦਾ ਵੱਡਾ ਫ਼ੈਸਲਾ

**ਅੰਮ੍ਰਿਤਸਰ, 20 ਦਸੰਬਰ (ਆਵਾਜ਼ਿ ਕੌਮ ਬਿਊਰੋ)**- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਲਾਪਤਾ ਪਾਵਨ ਸਰੂਪਾਂ ਨਾਲ ਸਬੰਧਤ ਮਾਮਲੇ ਵਿੱਚ ਮੁਲਜ਼ਮ ਸਤਿੰਦਰ ਸਿੰਘ ਕੋਹਲੀ ਅਤੇ ਹੋਰਨਾਂ ਨੂੰ ਵੱਡਾ ਝਟਕਾ ਲੱਗਾ ਹੈ। ਮਾਣਯੋਗ ਅਦਾਲਤ ਨੇ 20 ਦਸੰਬਰ 2025 ਨੂੰ ਸਾਰੇ ਮੁਲਜ਼ਮਾਂ ਦੀਆਂ ਜ਼ਮਾਨਤ ਅਰਜ਼ੀਆਂ ਖਾਰਜ ਕਰ ਦਿੱਤੀਆਂ। ਇਹ ਫੈਸਲਾ ਗੁਰਬੀਰ ਸਿੰਘ, ਮਾਣਯੋਗ ਵਧੀਕ ਸੈਸ਼ਨ ਜੱਜ, ਅੰਮ੍ਰਿਤਸਰ ਦੀ ਅਦਾਲਤ ਵੱਲੋਂ ਸੁਣਾਇਆ ਗਿਆ। ਇਹ ਮਾਮਲਾ ਭਾਈ ਬਲਦੇਵ ਸਿੰਘ ਵਡਾਲਾ, ਭਾਈ ਬਲਦੇਵ ਸਿੰਘ ਸਿਰਸਾ ਅਤੇ ਹੋਰਾਂ ਵੱਲੋਂ ਦਿੱਤੀ ਗਈ ਸ਼ਿਕਾਇਤ ਦੇ ਆਧਾਰ ’ਤੇ ਦਰਜ ਕੀਤਾ ਗਿਆ ਸੀ। ਪੁਲਸ ਥਾਣਾ ਸੀ ਡਿਵੀਜ਼ਨ ਅੰਮ੍ਰਿਤਸਰ ਵਿਖੇ ਦਰਜ ਕੀਤੀ ਗਈ ਐਫ.ਆਈ.ਆਰ. ਵਿੱਚ ਮੁਲਜ਼ਮਾਂ ’ਤੇ ਜਾਅਲੀਵਾੜੀ, ਰਿਕਾਰਡ ਨਸ਼ਟ ਕਰਨ ਅਤੇ ਬੇਅਦਬੀ ਦੇ ਦੋਸ਼ ਲਗਾਏ ਗਏ ਸਨ। ਮੁਲਜ਼ਮਾਂ ਖਿਲਾਫ਼ ਧਾਰਾ 2951, 295, 465, 408, 409, 120 ਬੀ ਆਈ.ਪੀ.ਸੀ. ਤਹਿਤ ਕੇਸ ਦਰਜ ਕੀਤਾ ਗਿਆ ਸੀ। ਇਸ ਕੇਸ ਵਿੱਚ ਸੂਬੇ ਦੀ ਤਰਫੋਂ ਅੰਮ੍ਰਿਤਪਾਲ ਸਿੰਘ ਖਹਿਰਾ (ਜ਼ਿਲ੍ਹਾ ਅਟਾਰਨੀ ਪ੍ਰੌਸੀਕਿਊਸ਼ਨ, ਅੰਮ੍ਰਿਤਸਰ) ਅਤੇ ਅਮਰਪਾਲ ਸਿੰਘ (ਜ਼ਿਲ੍ਹਾ ਅਟਾਰਨੀ ਲੀਗਲ, ਅੰਮ੍ਰਿਤਸਰ) ਨੇ ਬਹਿਸ ਕੀਤੀ। ਸ਼ਿਕਾਇਤਕਰਤਾਵਾਂ ਦੀ ਤਰਫੋਂ ਵਕੀਲ ਪੁਨੀਤ ਜ਼ਖਮੀ ਪੇਸ਼ ਹੋਏ ਸਨ।

## ਅਸਾਮ ’ਚ ਵੱਡਾ ਰੇਲ ਹਾਦਸਾ

# ਰਾਜਧਾਨੀ ਐਕਸਪ੍ਰੈਸ ਨਾਲ ਟਕਰਾਏ ਕਈ ਹਾਥੀ, 8 ਦੀ ਮੌਤ

**ਗੁਹਾਟੀ, 20 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਸਾਮ ਦੇ ਹੋਜਈ ਜ਼ਿਲ੍ਹੇ ਵਿੱਚ ਸ਼ਨੀਵਾਰ ਸਵੇਰੇ ਇੱਕ ਭਿਆਨਕ ਘਟਨਾ ਵਾਪਰੀ। ਸੈਰੰਗ-ਨਵੀਂ ਦਿੱਲੀ ਰਾਜਧਾਨੀ ਐਕਸਪ੍ਰੈਸ ਰੇਲਗੱਡੀ ਹਾਥੀਆਂ ਦੇ ਝੁੰਡ ਨਾਲ ਟਕਰਾ ਗਈ। ਜੰਗਲਾਤ ਵਿਭਾਗ ਦੇ ਇੱਕ ਅਧਿਕਾਰੀ ਨੇ ਪੁਸ਼ਟੀ ਕੀਤੀ ਕਿ ਇਸ ਹਾਦਸੇ ਵਿੱਚ ਅੱਠ ਜੰਗਲੀ ਹਾਥੀ ਮਾਰੇ ਗਏ ਅਤੇ ਇੱਕ ਗੰਭੀਰ ਜ਼ਖਮੀ ਹੋ ਗਿਆ। ਹਾਦਸਾ ਇੰਨਾ ਭਿਆਨਕ ਸੀ ਕਿ ਰੇਲਗੱਡੀ ਦੇ ਕਈ ਡੱਬੇ ਪਟੜੀ ਤੋਂ ਉਤਰ ਗਏ। ਅਸਾਮ ਦੇ ਹੋਜਈ ਜ਼ਿਲ੍ਹੇ ਵਿੱਚ ਸ਼ਨੀਵਾਰ ਸਵੇਰੇ ਇੱਕ ਭਿਆਨਕ ਘਟਨਾ ਵਾਪਰੀ। ਉੱਤਰ-ਪੂਰਬੀ ਸਰਹੱਦੀ ਰੇਲਵੇ ਦੇ ਬੁਲਾਰੇ ਨੇ ਦੱਸਿਆ ਕਿ ਟੱਕਰ ਕਾਰਨ ਸੈਰੰਗ-ਨਵੀਂ ਦਿੱਲੀ ਰਾਜਧਾਨੀ ਐਕਸਪ੍ਰੈਸ ਰੇਲਗੱਡੀ ਦਾ ਇੰਜਣ ਅਤੇ ਪੰਜ ਡੱਬੇ ਪਟੜੀ ਤੋਂ ਉਤਰ ਗਏ। ਇਹ ਹਾਦਸਾ ਜਮੁਨਾਮੁਖ-ਕੰਪੁਰ ਸੈਕਸ਼ਨ ਦੇ ਚਾਂਗਜੁਰਾਈ ਖੇਤਰ ਵਿੱਚ ਸਵੇਰੇ 2:17 ਵਜੇ ਦੇ ਕਰੀਬ ਹੋਇਆ। ਖੁਸ਼ਿਕਸਮਤੀ ਨਾਲ, ਇਸ ਵਿੱਚ ਸਵਾਰ ਕੋਈ ਵੀ ਯਾਤਰੀ ਜ਼ਖਮੀ ਨਹੀਂ ਹੋਇਆ। ਨਾਗਾਓਂ ਡਿਵੀਜ਼ਨਲ ਫੋਰੈਸਟ ਅਫਸਰ ਸੁਹਾਸ਼ ਕਦਮ ਨੇ ਦੱਸਿਆ ਕਿ ਜੰਗਲਾਤ ਵਿਭਾਗ ਦੀ ਇੱਕ ਟੀਮ ਮੌਕੇ ’ਤੇ ਪਹੁੰਚੀ ਹੈ ਅਤੇ ਸਥਿਤੀ ਦਾ ਮੁਲਾਂਕਣ ਕਰ ਰਹੀ ਹੈ। ਸਥਾਨਕ ਨਿਵਾਸੀਆਂ ਦੇ ਅਨੁਸਾਰ, ਝੁੰਡ ਵਿੱਚ ਲਗਭਗ ਅੱਠ ਹਾਥੀ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਦੀ ਮੌਕੇ ’ਤੇ ਹੀ ਮੌਤ ਹੋ ਗਈ। ਰੇਲਵੇ ਅਧਿਕਾਰੀਆਂ ਦੇ ਅਨੁਸਾਰ ਲੋਕੋ ਪਾਇਲਟ ਨੇ ਟਰੈਕ ’ਤੇ ਹਾਥੀਆਂ ਨੂੰ ਦੇਖ ਕੇ ਐਮਰਜੈਂਸੀ ਬ੍ਰੇਕ ਲਗਾਈ, ਪਰ ਹਾਥੀ ਟ੍ਰੇਨ ਨਾਲ ਟਕਰਾ ਗਏ, ਜਿਸ ਕਾਰਨ ਇਹ ਹਾਦਸਾ ਹੋਇਆ। ਇਸ ਘਟਨਾ ਨੂੰ ਹਾਥੀ ਲਾਂਘਾ ਨਹੀਂ ਮੰਨਿਆ ਜਾਂਦਾ। ਟ੍ਰੇਨ ਹਾਥੀਆਂ ਦੇ ਝੁੰਡ ਨਾਲ ਟਕਰਾ ਗਈ। ਹਾਦਸੇ ਵਿੱਚ ਅੱਠ ਜੰਗਲੀ ਹਾਥੀਆਂ ਦੀ ਮੌਤ ਹੋ ਗਈ, ਜਦੋਂ ਕਿ ਇੱਕ ਗੰਭੀਰ ਜ਼ਖਮੀ ਹੋ ਗਿਆ। ਜੰਗਲਾਤ ਵਿਭਾਗ ਦੇ ਇੱਕ ਅਧਿਕਾਰੀ ਨੇ ਇਸਦੀ ਪੁਸ਼ਟੀ ਕੀਤੀ। ਹਾਦਸਾ ਇੰਨਾ ਭਿਆਨਕ ਸੀ ਕਿ ਰੇਲਗੱਡੀਆਂ ਦੇ ਕਈ ਡੱਬੇ ਪਟੜੀ ਤੋਂ ਉਤਰ ਗਏ। ਹਾਦਸੇ ਤੋਂ ਬਾਅਦ ਪ੍ਰਭਾਵਿਤ ਹਿੱਸੇ ਵਿੱਚੋਂ ਲੰਘਣ ਵਾਲੀਆਂ ਰੇਲਗੱਡੀਆਂ ਨੂੰ ਉੱਪਰੀ ਲਾਈਨ ਵੱਲ ਮੋੜ ਦਿੱਤਾ ਗਿਆ। ਮੁਰੰਮਤ ਦਾ ਕੰਮ ਜੰਗੀ ਪੱਧਰ ’ਤੇ ਚੱਲ ਰਿਹਾ ਹੈ, ਅਤੇ ਹਾਦਸਾ ਰਾਹਤ ਰੇਲਗੱਡੀਆਂ ਮੌਕੇ ’ਤੇ ਪਹੁੰਚ ਗਈਆਂ ਹਨ। ਪਟੜੀਆਂ ’ਤੇ ਖਿੰਡੇ ਹੋਏ ਹਾਥੀ ਦੇ ਅਵਸ਼ੇਸ਼ਾਂ ਕਾਰਨ ਉੱਪਰੀ ਅਸਾਮ ਅਤੇ ਉੱਤਰ-ਪੂਰਬ ਦੇ ਹੋਰ ਹਿੱਸਿਆਂ ਵਿੱਚ ਰੇਲ ਸੇਵਾਵਾਂ ਪ੍ਰਭਾਵਿਤ ਹੋਈਆਂ ਹਨ। ਸੈਰੰਗ-ਨਵੀਂ ਦਿੱਲੀ ਰਾਜਧਾਨੀ ਐਕਸਪ੍ਰੈਸ ਮਿਜ਼ੋਰਮ ਵਿੱਚ ਸੈਰੰਗ (ਐਜ਼ੌਲ ਦੇ ਨੇੜੇ) ਨੂੰ ਦਿੱਲੀ ਦੇ ਆਨੰਦ ਵਿਹਾਰ ਟਰਮੀਨਲ ਨਾਲ ਜੋੜਨ ਵਾਲੀ ਇੱਕ ਪ੍ਰਮੁੱਖ ਰੇਲਗੱਡੀ ਹੈ।



## ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸ਼ਹੀਦੀ ਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਹੋਏ ਨਤਮਸਤਕ

**ਸ੍ਰੀ ਫਤਿਹਗੜ੍ਹ ਸਾਹਿਬ, 20 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅੱਜ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਨਤਮਸਤਕ ਹੋਣ ਲਈ ਪਹੁੰਚੇ। ਇਸ ਮੌਕੇ ਗੱਲਬਾਤ ਕਰਦੇ ਹੋਏ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਉਹ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸ਼ਹੀਦਾਂ ਨੂੰ ਨਤਮਸਤਕ ਹੋਣ ਦੇ ਲਈ ਪਹੁੰਚੇ ਹਨ। ਉਹਨਾਂ ਨੇ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਸਾਨੂੰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਹੋਈ ਸ਼ਹਾਦਤ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉੱਥੇ ਹੀ ਉਹਨਾਂ ਨੇ ਏਆਈ ਬਾਰੇ ਬੋਲਦੇ ਹੋਏ ਕਿਹਾ ਕਿ ਜੋ ਲੋਕ ਇਸ ਏਆਏ ਦੀ ਦੁਰਵਰਤੋਂ ਕਰਦੇ ਹਨ ,ਉਹ ਬਹੁਤ ਹੀ ਮੰਦਭਾਗਾ ਹੈ, ਅਜਿਹਾ ਨਹੀਂ ਕਰਨਾ ਚਾਹੀਦਾ। ਉਹਨਾਂ ਵੱਲੋਂ ਏਆਈ ਮਾਹਰਾਂ ਦੇ ਨਾਲ ਮੀਟਿੰਗ ਵੀ ਕੀਤੀ ਗਈ ਹੈ।



# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ।

- ਸਿਮਰਨਜੀਤ ਸਿੰਘ

## 6 ਪੋਹ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••

## 7 ਪੋਹ



**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

## 8 ਪੋਹ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

## 9 ਪੋਹ



**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••

## 10 ਪੋਹ




**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••

## 11-12 ਪੋਹ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

## 13 ਪੋਹ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••

## 14 ਪੋਹ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net

## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ

## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।

+91 98767-50784 +91 98767-50784



ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

## ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR ★★★★★


Birthday

Weddings

Parties

All Other Occasions







SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD

LEICESTER LE4 6AR

visit us : www.sanjhapunjab.co.uk

email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk

email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM

International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

Contact :
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 21 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM
International Newspaper & WEB TV




## ਦਿਨੋ ਦਿਨ ਵਧ ਰਹੇ ਤਲਾਕ ਦੇ ਰਿਸ਼ਤੇ

# ਸਮਾਜਿਕ, ਮਨੋਵਿਗਿਆਨਕ ਅਤੇ ਸੰਸਕ੍ਰਿਤਿਕ ਪਰਿਪੇਖ

ਲੇਖਕ: ਖੁਸ਼ਦੀਪ ਸਿੰਘ ਗਿੱਲ, ਸਹਾਇਕ ਪ੍ਰੋਫੈਸਰ, ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ। 94175-80453

ਆਧੁਨਿਕ ਸਮਾਜ ਵਿੱਚ ਵਿਆਹ ਨੂੰ ਇੱਕ ਮਜ਼ਬੂਤ ਅਤੇ ਪਵਿੱਤਰ ਸੰਸਥਾ ਮੰਨਿਆ ਜਾਂਦਾ ਰਿਹਾ ਹੈ, ਪਰ ਮੌਜੂਦਾ ਦੌਰ ਵਿੱਚ ਤਲਾਕਾਂ ਦੀ ਵੱਧ ਰਹੀ ਦਰ ਇਸ ਸੰਸਥਾ ਲਈ ਇੱਕ ਗੰਭੀਰ ਚੁਣੌਤੀ ਬਣ ਗਈ ਹੈ। ਇਹ ਲੇਖ ਤਲਾਕ ਦੇ ਵਧਦੇ ਰੁਝਾਨਾਂ ਦੇ ਸਮਾਜਿਕ, ਮਨੋਵਿਗਿਆਨਕ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV



ਸਾਂਸਕ੍ਰਿਤਿਕ ਕਾਰਨਾਂ ਦਾ ਵਿਸ਼ਲੇਸ਼ਣ ਕਰਦਾ ਹੈ। ਅਤੇ ਇਸ ਦੇ ਪਰਿਵਾਰਕ ਤੇ ਸਮਾਜਕ ਪ੍ਰਭਾਵਾਂ 'ਤੇ ਚਾਨਣ ਪਾਉਂਦਾ ਹੈ। ਨਾਲ ਹੀ, ਤਲਾਕ ਦੀ ਸਮੱਸਿਆ ਨੂੰ ਘਟਾਉਣ ਲਈ, ਸੰਭਾਵਿਤ ਹੱਲਾਂ ਤੇ ਵੀ ਵਿਚਾਰ ਕੀਤਾ ਗਿਆ ਹੈ। ਭਾਰਤੀ ਅਤੇ ਪੰਜਾਬੀ ਸਮਾਜ ਵਿੱਚ ਸਿਰਫ਼ ਦੋ ਵਿਅਕਤੀਆਂ ਦਾ ਸੰਬੰਧ ਨਹੀਂ, ਦੋ ਪਵਿੱਤਰ ਰੂਹਾਂ ਦਾ ਸੁਮੇਲ ਹੋਣ ਕਰਕੇ, ਦੋ ਪਰਿਵਾਰਾਂ ਅਤੇ ਸਮਾਜਕ ਮੁੱਲਾਂ ਦੀ ਸਾਂਝ ਹੁੰਦਾ ਹੈ। ਆਧੁਨਿਕਤਾ, ਗਲੋਬਲਾਈਜ਼ੇਸ਼ਨ ਅਤੇ ਵਿਅਕਤੀਗਤ ਸੋਚ ਦੇ ਵਧਦੇ ਪ੍ਰਭਾਵ ਕਾਰਨ, ਵਿਆਹਿਕ ਰਿਸ਼ਤਿਆਂ ਵਿੱਚ ਤਣਾਅ ਵਧ ਰਿਹਾ ਹੈ। ਤਲਾਕ ਹੁਣ ਇੱਕ ਅਸਧਾਰਣ ਘਟਨਾ ਨਹੀਂ ਰਹੀ, ਸਗੋਂ ਇੱਕ ਸਮਾਜਿਕ ਹਕੀਕਤ ਬਣ ਚੁੱਕੀ ਹੈ। ਤਲਾਕ ਦੇ ਵਧਣ ਪਿੱਛੇ ਕਈ ਕਾਰਕ ਜ਼ਿੰਮੇਵਾਰ ਹਨ। ਗ੍ਰਹਿਸਥ ਮਾਰਗ ਦੇ ਅਸੂਲਾਂ ਦੀ ਅਗਿਆਨਤਾ, ਆਪਸੀ ਸੰਚਾਰ ਦੀ ਘਾਟ, ਭਰੋਸੇ ਦੀ ਕਮੀ, ਅਹੰਕਾਰ ਅਤੇ ਧੀਰਜ ਦੀ ਘਾਟ ਵਿਆਹਿਕ ਜੀਵਨ ਨੂੰ ਅਸਥਿਰ ਕਰ ਰਹੀ ਹੈ। ਇਸ ਤੋਂ ਇਲਾਵਾ, ਨੌਕਰੀਆਂ ਦਾ ਦਬਾਅ, ਆਰਥਿਕ ਅਸੁਰੱਖਿਆ ਅਤੇ ਕੈਰੀਅਰ ਕੇਂਦਰਿਤ ਜੀਵਨ ਸ਼ੈਲੀ, ਰਿਸ਼ਤਿਆਂ ਲਈ ਸਮਾਂ ਘਟਾ ਦਿੰਦੀ ਹੈ। ਸੋਸ਼ਲ ਮੀਡੀਆ ਰਾਹੀਂ ਬਣੀਆਂ ਅਵਾਸਤਵਿਕ ਉਮੀਦਾਂ ਵੀ ਤਲਾਕ ਦੇ ਰੁਝਾਨ ਨੂੰ ਹੋਰ ਤੇਜ਼ ਕਰ ਰਹੀਆਂ ਹਨ।

ਤਲਾਕ ਦਾ ਸਭ ਤੋਂ ਡੂੰਘਾ ਪ੍ਰਭਾਵ, ਬੱਚਿਆਂ 'ਤੇ ਪੈਂਦਾ ਹੈ। ਮਾਪਿਆਂ ਦੀ ਅਲੱਗਾਵਟ ਬੱਚਿਆਂ ਦੀ ਮਾਨਸਿਕ ਸਥਿਤੀ, ਆਤਮ-ਵਿਸ਼ਵਾਸ ਅਤੇ ਭਵਿੱਖੀ ਰਿਸ਼ਤਿਆਂ ਦੀ ਸੋਚ ਨੂੰ ਪ੍ਰਭਾਵਿਤ ਕਰਦੀ ਹੈ। ਇਸ ਨਾਲ ਹੀ ਤਲਾਕ ਸ਼ੁਦਾ ਵਿਅਕਤੀਆਂ ਵਿੱਚ ਤਣਾਅ, ਇਕੱਲਾਪਨ ਅਤੇ ਸਮਾਜਿਕ ਅਲੱਗਾਵਟ ਦੀ ਭਾਵਨਾ ਵੀ ਵਧ ਸਕਦੀ ਹੈ, ਜੋ ਸਮਾਜਕ ਸੰਤੁਲਨ ਲਈ ਹਾਨਿਕਾਰਕ ਹੈ। ਇਸ ਸਮੱਸਿਆ ਦਾ ਹੱਲ ਸਿਰਫ਼ ਕਾਨੂੰਨੀ ਪ੍ਰਬੰਧਾਂ ਵਿੱਚ ਨਹੀਂ, ਸਗੋਂ ਸਮਾਜਕ ਅਤੇ ਮਨੋਵਿਗਿਆਨਕ ਯਤਨਾਂ ਵਿੱਚ ਲੁਕਿਆ ਹੋਇਆ ਹੈ। ਵਿਆਹ ਤੋਂ ਪਹਿਲਾਂ ਅਤੇ ਵਿਆਹ ਤੋਂ ਬਾਅਦ ਕੌਂਸਲਿੰਗ, ਪਰਿਵਾਰਕ ਮੁੱਲਾਂ ਦੀ ਸਿੱਖਿਆ, ਅਤੇ ਆਪਸੀ ਸੰਵਾਦ ਨੂੰ ਉਤਸ਼ਾਹਿਤ ਕਰਨਾ ਅਤਿ ਆਵਸ਼ਯਕ ਹੈ। ਸਮਾਜ ਨੂੰ ਇਹ ਸਮਝਣਾ ਹੋਵੇਗਾ ਕਿ ਸਮਝੌਤਾ ਕਮਜ਼ੋਰੀ ਨਹੀਂ, ਸਗੋਂ ਰਿਸ਼ਤਿਆਂ ਦੀ ਮਜ਼ਬੂਤੀ ਹੈ। ਨਿਸਕਰਸ਼ ਤੌਰ 'ਤੇ ਕਿਹਾ ਜਾ ਸਕਦਾ ਹੈ ਕਿ ਦਿਨੋ ਦਿਨ ਵਧ ਰਹੇ ਤਲਾਕ ਦੇ ਰਿਸ਼ਤੇ ਸਾਡੇ ਸਮਾਜ ਲਈ ਇੱਕ ਗੰਭੀਰ ਚੇਤਾਵਨੀ ਹਨ। ਜੇਕਰ ਸਮੇਂ ਸਿਰ ਇਸ ਸਮੱਸਿਆ ਵੱਲ ਧਿਆਨ ਨਾ ਦਿੱਤਾ ਗਿਆ, ਤਾਂ ਇਸ ਦੇ ਲੰਬੇ ਸਮੇਂ ਦੇ ਪ੍ਰਭਾਵ ਸਮਾਜਕ ਢਾਂਚੇ ਨੂੰ ਕਮਜ਼ੋਰ ਕਰ ਸਕਦੇ ਹਨ। ਇਸ ਲਈ ਲੋੜ ਹੈ ਕਿ ਅਸੀਂ ਵਿਆਹ ਨੂੰ ਜ਼ਿੰਮੇਵਾਰੀ, ਸਮਝਦਾਰੀ ਅਤੇ ਸਹਿਣਸ਼ੀਲਤਾ ਨਾਲ ਨਿਭਾਉਣ ਦੀ ਸੋਚ ਵਿਕਸਿਤ ਕਰੀਏ।



ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਅੰਮ੍ਰਿਤ ਸੰਚਾਰ

## 27 ਦਸੰਬਰ 2025

ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪਰਿਵਾਰ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਹੋਵੇਗਾ

ਸ਼ਨਿੱਚਰਵਾਰ 27 ਦਸੰਬਰ ਬਾਅਦ ਦੁਪਹਿਰ 2 ਵਜੇ ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ।



ਕੱਕਾਰਾ ਦੀ ਸੇਵਾ ਗੁਰਦੁਆਰਾ ਸਾਹਿਬ ਜੀ ਵੱਲੋਂ ਭੇਟਾਂ ਰਹਿਤ ਦਿੱਤੇ ਜਾਣਗੇ।

ਅੰਮ੍ਰਿਤ ਛਕਣ ਵਾਲੀ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ 2 ਘੰਟੇ ਪਹਿਲਾਂ 12 ਵਜੇ ਪਹੁੰਚਣ ਦੀ ਕਿਰਪਾਲਤਾ ਕਰਨੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




### ਪੰਜਾਬ ਦੀ ਸਿਆਸਤ ਧਨਾਢਾਂ, ਡਰੱਗ ਡੀਲਰਾਂ ,ਗੈਂਗਸਟਾਰਾਂ ਅਤੇ

# ਭੂ-ਮਾਫੀਏ ਦੇ ਸੂਪ੍ਰਸਤ ਆਗੂਆਂ ਅਤੇ ਵਰਦੀਧਾਰੀ ਗੁੰਡਿਆਂ ਦੀ ਦੂਬੇਲ ਬਣ ਚੁੱਕੀ ਹੈ

1991 ਵਿੱਚ ਮੈ ਤਿਹਾੜ ਜੇਲ ਵਿੱਚ ਨਜਰਬੰਦ ਸੀ ਉੱਥੇ ਫਾਂਸੀ ਚੱਕੀਆਂ ਜਿੱਥੇ ਮੈਨੂੰ ਰੱਖਿਆ ਗਿਆ ਸੀ ,ਵਿੱਚ ਉੱਤਰੀ ਭਾਰਤ ਦੇ ਨਾਮਵਰ ਗੈਂਗਸਟਾਰ ਵੀ ਬੰਦ ਸਨ ।ਉਹਨਾਂ ਵਿੱਚੋਂ ਇੱਕ ਯੂ.ਪੀ ਤੋ ਚੁਣਿਆ ਹੋਇਆ ਗੈਂਗਸਟਾਰ MLA ਵੀ ਸੀ ,ਜਿਸ ਨੂੰ ਕਈ ਵਾਰ ਸਵ.ਮੁਲਾਇਮ ਸਿੰਘ ਯਾਦਵ ਜੇਲ ਵਿੱਚ ਮਿਲਣ ਵੀ ਆਇਆ ਕਰਦਾ ਸੀ ।ਇਹ ਗੈਂਗਸਟਾਰ ਮੈਨੂੰ ਯੂ.ਪੀ ਅਤੇ ਬਿਹਾਰ ਦੇ ਸਿਆਸੀ ਆਗੂਆਂ ਨਾਲ ਆਪਣੇ ਸਬੰਧਾਂ ਅਤੇ ਉਹਨਾਂ ਦੇ ਕਹਿਣ ਉੱਪਰ ਕਤਲ ਅਤੇ ਫਰੌਤੀਆਂ ਹਾਸਲ ਕਰਨ ਦੇ ਅਨੇਕਾਂ ਸ਼ਨਸ਼ਨੀਖੇਜ਼ ਮਾਮਲਿਆਂ ਬਾਰੇ ਅਕਸਰ ਦੱਸਦੇ ਹੁੰਦੇ ਸਨ ।ਉਸ ਵਕਤ ਮੈਂ ਸੋਚਦਾ ਹੁੰਦਾ ਸੀ ਕਿ ਇਹ ਕਿਸ ਤਰ੍ਹਾਂ ਦੇ ਸਿਆਸਤਦਾਨ ਹਨ ,ਜੋ ਆਪਣੀ ਸਿਆਸਤ ਨੂੰ ਅੱਗੇ ਵਧਾਉਣ ਲਈ ਕਤਲਾਂ ਅਤੇ ਫਰੌਤੀਆਂ ਦਾ ਸਹਾਰਾ ਲੈਂਦੇ ਹਨ ।ਪਰ ਮੈਨੂੰ ਕੀ ਪਤਾ ਸੀ ਕਿ ਇੱਕ ਦਿਨ ਅਜਿਹਾ ਆਵੇਗਾ ਕਿ ਸਾਡੀ ਗੁਰੂਆਂ ਦੀ ਧਰਤੀ ਦੀ ਸਿਆਸਤ ਧਨਾਢਾਂ ,ਗੈਂਗਸਟਾਰਾਂ ,ਲੱਠਮਾਰਾਂ ਅਤੇ ਵਰਦੀਧਾਰੀ ਗੁੰਡਿਆਂ ਦੀ ਮੁਹਤਾਜ ਹੋ ਕੇ ਰਹਿ ਜਾਵੇਗੀ । ਭਾਵੇ ਕਿ ਪੰਜਾਬ ਦੀ ਮੌਜੂਦਾ ਗੰਧਲੀ ਅਤੇ ਕੁਰੱਪਟ ਹੋ ਚੁੱਕੀ ਸਿਆਸਤ ਅਤੇ ਸੂਬੇ ਦੀ ਡਾਵਾਂਡੋਲ ਆਰਥਿਕਤਾ ਲਈ ਕੇਂਦਰੀ ਹੁਕਮਰਾਨਾਂ ਦੀਆਂ ਫਿਰਕੂ ਅਤੇ ਸੱਤਾ ਦਾ ਕੇਂਦਰੀਕਰਨ ਕਰਨ ਵਾਲੀਆਂ ਨੀਤੀਆਂ ਜੁੰਮੇਵਾਰ ਹਨ ।ਪਰ ਸਾਡੇ ਸਟੇਟ ਦੀ ਸਿਆਸੀ ਲੀਡਰਸ਼ਿਪ ਵੱਲੋਂ ਟੋਡੀ ਬਿਰਤੀਆਂ ਤਹਿਤ ਕੇਂਦਰੀ ਹੁਕਮਰਾਨਾਂ ਦੇ ਹੱਥਧੋਕੇ ਬਣ ਕੇ ਪੰਜਾਬ ਅਤੇ ਸਿੱਖਾਂ ਨਾਲ ਕਮਾਏ ਧ੍ਰੋਹ ਅਤੇ ਗਦਾਰੀਆਂ ਨੇ ਵੀ ਹੁਕਮਰਾਨਾਂ ਦੀਆਂ ਬੇਇਨਸਾਫ਼ੀਆਂ ਅਤੇ ਜ਼ੁਲਮਾਂ ਦੇ ਕੁਹਾੜੇ ਵਿੱਚ ਦਸਤੇ ਦਾ ਕੰਮ ਕੀਤਾ ।ਖਾਸ ਕਰਕੇ ਸਿੱਖ ਰਾਜਨੀਤੀ ਅਤੇ ਸਿੱਖ ਸੰਸਥਾਵਾਂ ਦੇ ਵਿਨਾਸ਼ ਵਿੱਚ ਪ੍ਰਕਾਸ਼ ਸਿੰਘ ਬਾਦਲ ਵੱਲੋਂ ਨਿਭਾਏ ਰੋਲ ਨੇ ਕੇਂਦਰੀ ਹੁਕਮਰਾਨਾਂ ਵਲੋ ਪੰਜਾਬ ਨੂੰ ਬਰਬਾਦ ਕਰਨ ਵਾਲੀਆਂ ਨੀਤੀਆਂ ਸਫਲ ਹੋਣ ਦੇ ਹਾਲਾਤ ਸਿਰਜਣ ਵਿੱਚ ਇੱਕ ਬਹੁਤ ਵੱਡਾ ਸਾਜਿਸ਼ੀ ਰੋਲ ਨਿਭਾਇਆ ।ਇਸ ਤੋਂ ਇਲਾਵਾ ਅੱਸੀਵਿਆਂ ਤੋਂ ਸ਼ੁਰੂ ਹੋਈ ਗਰਮਦਲੀ ਸਿਆਸਤ ਵੀ ਇਸ ਬਰਬਾਦੀ ਲਈ ਜੁੰਮੇਵਾਰ ਹੈ ਜੋ ਪਿਛਲੇ ਚਾਰ ਦਹਾਕਿਆਂ ਦੌਰਾਨ ਸਿੱਖ ਸਿਆਸਤ ਵਿੱਚ ਸਿਧਾਂਤਕ ਬਦਲਾਓ ਦੇ ਇਤਹਾਸਕ ਮੌਕਿਆਂ ਨੂੰ ਪੰਥ ਅਤੇ ਪੰਜਾਬ ਦੇ ਹਿੱਤਾਂ ਵਿੱਚ ਮੋੜਾ ਦੇਣ ਵਿੱਚ ਬੁਰੀ ਤਰ੍ਹਾਂ ਅਸਫਲ ਹੋਈ ਹੈ। ਪੰਜਾਬ ਦੇ ਖਾੜਕੂ ਜਿਹਨਾਂ ਦੀਆਂ ਦੀਆਂ ਗੋਲੀਆਂ ਦੇ ਕਈ ਸਿਆਸੀ ਆਗੂ ਸ਼ਿਕਾਰ ਬਣੇ ,ਉਹਨਾਂ ਕੋਲ ਵੀ ਬਾਦਲ ਜਿਹੇ ਗਦਾਰ ਦੇ ਹਿੱਸੇ ਇੱਕ ਗੋਲੀ ਵੀ ਨਹੀ ਆਈ ।ਇਕ ਵਾਰ ਜੱਥੇਦਾਰ ਟੋਹੜਾ ਨੇ ਮੈਨੂੰ ਕਿਹਾ ਕਿ " ਤੁਹਾਡੇ ਕੋਲ ਮੇਰੇ ਅਤੇ ਤਲਵੰਡੀ ਲਈ ਗੋਲੀਆਂ ਸਨ ,ਕੀ ਬਾਦਲ ਲਈ ਗੋਲੀਆਂ ਖਤਮ ਹੋ ਗਈਆ ਸਨ"।ਜੱਥੇਦਾਰ ਟੋਹੜਾ ਦਾ ਮੈਨੂੰ ਉਲਾਂਬਾ ਦੇਣ ਦਾ ਇਰਾਦਾ ਜੋ ਮਰਜ਼ੀ ਰਿਹਾ ਹੋਵੇ ,ਪਰ ਉਸ ਵੱਲੋ ਕੀਤਾ ਸਵਾਲ ਸ਼ਾਡੀ ਖਾੜਕੂ ਲਹਿਰ ਦੇ ਸਿਆਸੀ ਨਜ਼ਰੀਏ ਦੇ ਕੱਚ-ਸੱਚ ਨੂੰ ਜਰੂਰ ਉਘੇੜਦਾ ਹੈ।ਸਿੱਖ ਸਿਆਸਤ ਅਤੇ ਪੰਜਾਬ ਦੀ ਬਰਬਾਦੀ ਲਈ ਜੁੰਮੇਵਾਰ ਬਾਦਲ ਪ੍ਰਵਾਰ ਨੂੰ ਸਫਲ ਕਰਨ ਵਿੱਚ ਪੰਜਾਬ ਦੇ ਲੋਕਾਂ ਨਾਲੋ ਜ਼ਿਆਦਾ ਸੂਬੇ ਦੀ ਗਰਮਦਲੀ ਸਿਆਸਤ ਦੇ ਵੱਖੋ ਵੱਖਰੇ ਧੜੇ ਅਤੇ ਆਗੂ ਜ਼ਿਆਦਾ ਗੁਨਾਹਗਾਰ ਹਨ ।ਇਸ ਤੋਂ ਇਲਾਵਾ ਰਵਾਇਤੀ ਅਕਾਲੀਆਂ ਵਿੱਚਲੇ ਟੋਹੜਾ ਤੇ ਤਲਵੰਡੀ ਸਮੇਤ ਤਮਾਮ ਉਹ ਬਾਦਲ ਵਿਰੋਧੀ ਆਗੂ ਵੀ ਦੋਸ਼ੀ ਹਨ ਜੋ ਬਾਦਲ ਦੀ ਅਧੀਨਗੀ ਤਾਂ ਖੁਸ਼ੀ ਨਾਲ ਪ੍ਰਵਾਨ ਕਰ ਲੈਂਦੇ ਰਹੇ ਸਨ ,ਪਰ ਬਾਦਲ ਦੇ ਵਿਰੁੱਧ ਕਦੇ ਵੀ ਕਿਸੇ ਇੱਕ ਆਗੂ ਅਤੇ ਧੜੇ ਦੀ ਅਗਵਾਈ ਵਿੱਚ ਇੱਕਜੁੱਟ ਨਹੀਂ ਹੋ ਸਕੇ ।ਪ੍ਰਕਾਸ਼ ਸਿੰਘ ਬਾਦਲ ਨੇ ਆਪਣੇ ਵਿਰੋਧੀਆਂ ਦੀ ਇਸ ਕਮਜ਼ੋਰ ਨੂੰ ਵਰਤ ਕੇ ਹੀ ਆਪਣੇ ਆਪ ਨੂੰ ਸਥਾਪਤ ਕੀਤਾ ਸੀ ਅਤੇ ਲੰਬੇ ਸਮੇਂ ਦੀ ਸੱਤਾ ਰਾਹੀਂ ਬਾਦਲ ਇੱਕ ਵਿਅਕਤੀ ਤੋਂ ਬਾਦਲ ਵਰਤਾਰੇ ਦਾ ਰੂਪ ਧਾਰ ਕੇ ਸਿੱਖ ਸਿਆਸਤ ਲਈ ਸਿਉਂਕ ਬਣ ਕੇ ਨੁਕਸਾਨ ਪਹੁੰਚਾ ਰਿਹਾ ਹੈ ।ਬਾਦਲ ਪ੍ਰਵਾਰ ਨੇ ਜਿੱਥੇ ਆਪਣੇ ਲਈ ਕੁਰਪਸ਼ਨ ਕਰਕੇ ਕ੍ਰੋੜਾਂ-ਅਰਬਾਂ ਇੱਕੱਠੇ ਕੀਤੇ ਹਨ ,ਉੱਥੇ ਆਪਣੇ ਖਾਸ ਹਮਾਇਤੀਆਂ ਨੂੰ ਡਰੱਗ ,ਰੇਤ ,ਭੂ-ਮਾਫੀਏ ਰਾਹੀ ਕ੍ਰੋੜਾਂ ਦੀ ਲੁੱਟ ਕਰਨ ਦੀ ਖੁੱਲ ਦਿੱਤੀ ਹੋਈ ਸੀ ।ਅੱਜ ਬਾਦਲ ਪ੍ਰਵਾਰ ਦੁਆਲੇ ਅਜਿਹੇ ਧਨਾਢਾਂ ,ਡਰੱਗ ਡੀਲਰਾਂ ,ਬਿਲਡਰਾਂ ਅਤੇ ਬਾਹੂਬਲੀਆਂ ਦਾ ਘੇਰਾ ਹੈ ,ਜੋ ਪੈਸ਼ੇ ਦੇ ਜ਼ੋਰ ਨਾਲ ਸਿਆਸਤ ਖਰੀਦ ਲੈਣ ਦਾ ਹੰਕਾਰ ਦਿਖਾ ਰਹੇ ਹਨ ।ਸਿੱਖ ਸਿਆਸਤ ਅੰਦਰ ਬਾਦਲ ਵਿਰੋਧੀ ਧੜੇ ਤੇ ਆਗੂ ਆਪਸ ਵਿੱਚ ਛਿੱਤਰੀ ਦਾਲ ਵੰਡ ਰਹੇ ਹਨ ।ਇਸ ਸਥਿਤੀ ਵਿੱਚ ਪੰਜਾਬ ਦੀ ਰਾਜਨੀਤੀ ਦਾ ਲੁਟੇਰਿਆਂ ਦੇ ਹੱਥਾਂ ਦੀ ਦੁਮੇਲ ਬਣੀ ਰਹਿਣ ਦੇ ਆਸਾਰ ਹਨ ।

**-ਅਮਰੀਕ ਸਿੰਘ ਮੁਕਤਸਰ**

ਸ਼ਹੀਦੀ ਹਫਤਾ ਵਿਸ਼ੇਸ਼ (7 ਪੋਹ)

# ਪਰਿਵਾਰ ਵਿਛੋੜਾ ਸਰਸਾ ਨੰਗਲ

6 ਪੋਹ ਨੂੰ ਗੁਰੂ ਗੋਬਿੰਦ ਸਿੰਘ ਜੀ ਅਨੰਦਗੜ ਸਾਹਿਬ ਦਾ ਕਿਲ੍ਹਾ ਛੱਡਦੇ ਹਨ ਤਾਂ ਉੱਥੋਂ ਪ੍ਰੀਵਾਰ ਸਮੇਤ ਕੀਰਤਪੁਰ ਸਾਹਿਬ ਲਈ ਰਵਾਨਾ ਹੁੰਦੇ ਹਨ।ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਤੇ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ ਸ਼ਸ਼ਤਰਾਂ ਨਾਲ ਲੈਸ ਹੋ ਕੇ ਬਹੁਤ ਸਾਰੇ ਸਿੰਘਾਂ ਭਾਈ ਦਯਾ ਸਿੰਘ, ਭਾਈ ਉਦੈ ਸਿੰਘ, ਭਾਈ ਆਲਮ ਸਿੰਘ, ਭਾਈ ਅਜਬ ਸਿੰਘ ਤੇ ਹੋਰ ਕਈ ਸਿੰਘਾਂ ਨਾਲ ਕਿਲ੍ਹੇ ਵਿੱਚੋਂ ਬਾਹਰ ਨਿਕਲਦੇ ਹਨ।ਕਿਲ੍ਹੇ ਵਿੱਚੋ ਨਿਕਲਣ ਤੋਂ ਬਾਦ ਗੁਰੂ ਸਾਹਿਬ ਅਜੇ ਕੀਰਤਪੁਰ ਸਾਹਿਬ ਲੰਘ ਕੇ ਨਿਰਮੋਹਗੜ੍ਹ ਤੱਕ ਪੁੱਜੇ ਸਨ ਕਿ ਰਾਜੇ ਅਜਮੇਰ ਚੰਦ ਕਹਿਲੂਰੀਏ ਨੇ ਵਜ਼ੀਰ ਖਾਂ ਕੋਲ ਜਾ ਕੇ ਆਖਿਆ ਕਿ ਹੁਣ ਵੈਰੀ ਤੋਂ ਬਦਲਾ ਲੈਣ ਦਾ ਟਾਇਮ ਆ ਗਿਆ ਜੇ। ਉਹ ਤਾਂ ਅੱਗੇ ਹੀ ਤਿਆਰ ਸਨ ਕਿਉਂਕਿ ਮਈ ਮਹੀਨੇ ਤੋਂ ਉਹ ਗੁਰੂ ਸਾਹਿਬ ਜੀ ਨੂੰ ਘੇਰਾ ਪਾ ਕੇ ਬੈਠੇ ਸਨ ਤੇ ਹੁਣ ਦਸੰਬਰ ਮਹੀਨਾ ਆ ਗਿਆ ਸੀ। ਉਹ ਵੀ ਬੜੀਆਂ ਮੁਸ਼ਕਿਲਾਂ ਵਿੱਚੋਂ ਲੰਘੇ ਸਨ।ਉਹ ਗੁਰੂ ਕੋਲੋਂ ਗਿਣ-ਗਿਣ ਕੇ ਬਦਲੇ ਲੈਣੇ ਚਾਹੁੰਦੇ ਸਨ।ਪਹਿਲੇ ਖਵਾਜ਼ਾ ਖਿਜ਼ਰ ਖਾਂ ਨਵਾਬ ਮਲੇਰੀਏ ਨੇ ਨਗਾਰਾ ਵਜਾ ਕੇ ਹੱਲਾ ਕਰ ਦਿੱਤਾ।ਕੁੱਝ ਫੌਜ਼ ਤਾਂ ਕਿਲ੍ਹੇ ਨੂੰ ਤੇ ਸ਼ਹਿਰ ਨੂੰ ਲੁੱਟਣ ਤੇ ਲੱਗ ਗਈ। ਬਾਕੀ ਫੌਜ਼ ਗੁਰੂ ਸਾਹਿਬ ਨਾਲ ਯੁੱਧ ਕਰਨ ਲੱਗ ਪਈ। ਉੱਥੇ ਹਫੜਾ ਦਫੜੀ ਮੱਚ ਗਈ ਫੜ ਲੋ, ਮਾਰ ਦੋ, ਲੁੱਟ ਲੋ ਦੀਆਂ ਅਵਾਜ਼ਾਂ ਨਾਲ ਅਕਾਸ਼ ਗੂੰਜ ਉੱਠਿਆ। ਮੁਗਲ ਫੌਜ਼ਾਂ ਤੇ ਪਹਾੜੀ ਰਾਜਿਆਂ ਵੱਲੋਂ ਸਭ ਕਸਮਾਂ ਵਾਅਦੇ ਭੁੱਲ ਕੇ ਹਮਲਾ ਕਰ ਦਿੱਤਾ।ਗੋਲੀਆਂ, ਤਲਵਾਰਾਂ ਤੇ ਨੇਜ਼ਿਆਂ ਨਾਲ ਖੜ-ਖੜ ਕਰਦੇ ਵੈਰੀ ਨੇੜੇ ਆ ਢੁੱਕੇ ਸਨ।ਉਹਨਾਂ ਦੇ ਹਮਲਿਆਂ ਨੂੰ ਰੋਕਣ ਲਈ ਪਿੱਛੇ ਭਾਈ ਉਦੈ ਸਿੰਘ ਤੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਵੈਰੀ ਨਾਲ ਲੋਹਾ ਲੈਣ ਲਈ ਅੜ ਜਾਂਦੇ ਹਨ।(ਭਾਈ ਉਦੈ ਸਿੰਘ ਜੀ ਉਹ ਸਨ ਜਿੰਨ੍ਹਾਂ ਰਾਜਾ ਕੇਸਰੀ ਚੰਦ ਦਾ ਜੰਗ ਵਿੱਚ ਸਿਰ ਉਤਾਰ ਦਿੱਤਾ ਸੀ) ਉਸ ਸਮੇਂ ਮੁਗਲਾਂ ਦੀ ਫੌਜ਼ ਬਹੁਤ ਜ਼ਿਆਦਾ ਗਿਣਤੀ ਵਿੱਚ ਸੀ। ਭਾਈ ਉਦੈ ਸਿੰਘ ਜੀ ਵੈਰੀ ਦਲ ਦਾ ਨੁਕਸਾਨ ਕਰਦੇ ਹੋਏ। ਸੈਂਕੜੇ ਵੈਰੀਆਂ ਨੂੰ ਮਾਰ ਉੱਥੇ ਹੀ ਸ਼ਹੀਦੀ ਜਾਮ ਪੀ ਜਾਂਦੇ ਹਨ।ਇਸ ਦਾ ਪ੍ਰਮਾਣ ਗੁਰਬਿਲਾਸ ਪਾਤਸ਼ਾਹੀ 10ਵੀਂ ਦੇ ਅਧਿਆਏ ਸੋਲਵੇਂ ਵਿੱਚ ਲਿਖਿਆ ਮਿਲਦਾ ਹੈ:

**ਕੀਰਤਪੁਰ ਤੈਲੈ ਜੁਧ ਹੋਈ।**
**ਮਗ ਮੈ ਹੋਤ ਜਾਤ ਹੈ ਸੋਈ।**

'ਤਵਾਰੀਖ਼ ਗੁਰੂ ਖਾਲਸਾ' ਵਿੱਚ ਲ਼ਿਖਿਆ ਮਿਲਦਾ ਹੈ ਕਿ ਮੁਸਲਮਾਨਾਂ ਨੇ ਏਸੇ ਨੂੰ (ਭਾਈ ਉਦੈ ਸਿੰਘ ਨੂੰ) ਗੁਰੂ ਸਮਝ ਕੇ (ਕਿਉਂਕਿ ਰੂਪ ਮਿਲਦਾ ਸੀ) ਸਿਰ ਕੱਟ ਲੀਤਾ, ਅਤੇ ਨਾਜ਼ਮ ਵਜ਼ੀਦ ਖਾਂ ਦੇ ਪਾਸ ਲੈ ਗਏ।ਜਦ ਉਸ ਨੇ ਗੁਰੂ ਜੀ ਦੀ ਤਸਵੀਰ ਮਿਲਾਈ ਤੇ ਨਾ ਮਿਲੀ ਤਾਂ ਫੇਰ ਫੌਜ਼ ਦਾ ਹੱਲਾ ਅੱਗੇ ਨੂੰ ਕਰਾ ਦਿੱਤਾ। 'ਪੁਰਖ ਭਗਵੰਤ' ਦਾ ਲਿਖਾਰੀ ਪੁਰਾਤਨ ਹਵਾਲਿਆਂ ਨਾਲ ਇਹ ਵੀ ਦੱਸਦਾ ਹੈ ਕਿ ਭਾਈ ਉਦੈ ਸਿੰਘ ਦੀ ਸ਼ਹੀਦੀ ਹੋਣ ਤੇ ਵੈਰੀ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਨੂੰ ਭਾਰੀ ਗਿਣਤੀ ਵਿੱਚ ਘੇਰਾ ਪਾ ਲੈਂਦੇ ਹਨ। ਇਹ ਵੇਖ ਕੇ ਉਸ ਤੋਂ ਬਾਦ ਭਾਈ ਜੀਵਨ ਸਿੰਘ ਜੀ ਉਸ ਥਾਂ ਜਾ ਕੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਦੇ ਮੋਢੇ ਨਾਲ ਮੋਢਾ ਜੋੜ ਕੇ ਵੈਰੀ ਦਲ ਦੀ ਵਾਢ ਸ਼ੁਰੂ ਕਰ ਦਿੰਦੇ ਹਨ ਤੇ ਉੱਥੋਂ ਸਾਹਿਬਜ਼ਾਦੇ ਨੂੰ ਅੱਗੇ ਜਾਣ ਲਈ ਕਹਿ ਆਪ ਵੈਰੀ ਨਾਲ ਦੋ-ਦੋ ਹੱਥ ਕਰਦੇ ਹੋਏ ਉੱਥੇ ਹੀ ਸ਼ਹੀਦੀ ਪਾ ਜਾਂਦੇ ਹਨ।ਪ੍ਰੰਤੂ ਕਈ ਲਿਖਾਰੀ ਬਾਬਾ ਜੀਵਨ ਸਿੰਘ ਜੀ ਦੀ ਸ਼ਹੀਦੀ ਚਮਕੌਰ ਸਾਹਿਬ ਹੋਈ ਲਿਖਦੇ ਹਨ। ਅੱਗੇ ਸਰਸਾ ਕਿਨਾਰੇ ਪਹੁੰਚ ਕੇ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਆਸਾ ਕੀ ਵਾਰ ਦਾ ਪਾਠ ਕੀਤਾ।ਕਹਿੰਦੇ ਹਨ ਕਿ ਉਸ ਸਮੇਂ ਸਰਸਾ ਬਾਰਿਸ਼ ਕਾਰਨ ਬਹੁਤ ਉਫਾਨ ਤੇ ਸੀ।ਇਸੇ ਕਰਕੇ ਅਸਬਾਬ ਦੇ ਗੱਡੇ, ਊਠ, ਘੋੜੇ, ਰੱਥ ਉਸੇ ਥਾਂ ਰੁਕ ਗਏ।ਉਸ ਨੂੰ ਪਾਰ ਕਰਨਾ ਸੀ ਕਿਉਂਕਿ ਪਿੱਛੇ ਦੁਸ਼ਮਣ ਸਿਰ ਤੇ ਚੜ੍ਹੇ ਆ ਰਹੇ ਸਨ।ਵੈਰੀ ਨੂੰ ਬਹੁਤ ਦੇਰ ਤੱਕ ਰੋਕੀ ਰੱਖਿਆ ਪਰ ਸਰਸਾ ਨੇ ਕਿਸੇ ਨੂੰ ਪਾਰ ਨਾ ਲੰਘਣ ਦਿੱਤਾ। ਉੱਥੇ ਹੀ ਅਸਬਾਬ ਦੇ ਭਰੇ ਹੋਏ ਗੱਡੇ ਲੁੱਟੇ ਗਏ, ਜਲਾਏ ਗਏ, ਇੱਕ ਦਮ ਅਫਰਾ-ਤਫਰੀ ਮੱਚ ਗਈ। ਗਿਆਨੀ ਗਿਆਨ ਸਿੰਘ ਆਪਣੀ ਲਿੱਖਤ 'ਤਵਾਰੀਖ਼ ਗੁਰੂ ਖ਼ਾਲਸਾ' ਦੇ ਪਹਿਲੇ ਭਾਗ ਵਿੱਚ ਲਿੱਖਦਾ ਹੈ ਕਿ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਉੱਥੇ ਇੱਕ ਬਚਨ ਉਚਾਰਿਆ ਸੀ ਕਿ ਸਰਸੇ ਨਾਲੇ ਕਾਲੇ ਦਿਲ ਵਾਲੇ, ਤੂੰ ਫੇਰ ਨਾ ਚੜ੍ਹੇਗਾ। ਗੁਰੂ ਜੀ ਦਾ ਇਹ ਬਚਨ ਸਫਲ ਹੋਇਆ ਅੱਜ ਤੱਕ ਉਹ ਨਦੀ ਫੇਰ ਕਦੇ ਨਹੀ ਚੜੀ।ਪ੍ਰਿੰ. ਸਤਿਬੀਰ ਸਿੰਘ ਲਿੱਖਦੇ ਹਨ ਕਿ ਸਰਸਾ ਕਿਨਾਰੇ ਹੀ ਗੁਰੂ ਜੀ ਨੇ ਸਾਰੇ ਪ੍ਰੀਵਾਰ ਨੂੰ ਤਿੰਨ ਹਿੱਸਿਆਂ ਵਿੱਚ ਵੰਡ ਦਿੱਤਾ।ਸਾਹਿਬਜ਼ਾਦਾ ਬਾਬਾ ਅਜੀਤ ਸਿੰਘ, ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ ਤੇ ਕੁੱਝ ਸਿੰਘ ਗੁਰੂ ਜੀ ਨਾਲ ਰਹੇ।ਸਤਿਕਾਰਯੋਗ ਮਤਾਵਾਂ ਮਾਤਾ ਸੁੰਦਰ ਕੌਰ ਜੀ ਤੇ ਮਾਤਾ ਸਾਹਿਬ ਕੌਰ ਜੀ ਭਾਈ ਮਨੀ ਸਿੰਘ ਜੀ ਨਾਲ ਹਰਿਦੁਆਰ ਤੇ ਉੱਥੋਂ ਦਿੱਲੀ ਚਲੇ ਗਏ। ਮਾਤਾ ਗੁੱਜਰ ਕੌਰ ਜੀ ਤੇ ਛੋਟੇ ਸਾਹਿਬਜ਼ਾਦੇ, ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਤੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਅਲੱਗ ਹੋ ਗਏ। ਉੱਥੋਂ ਉਹ ਕੁੰਮੇ ਮਾਸ਼ਕੀ ਦੀ ਝੁੱਗੀ ਵਿੱਚ ਰਹਿੰਦੇ ਹਨ।ਉਥੋਂ ਉਹਨਾਂ ਮਾਸੂਮ ਜਿੰਦਾਂ ਨੂੰ ਗੰਗੂ ਬ੍ਰਾਹਮਣ ਆਪਣੇ ਪਿੰਡ ਖੇੜੀ ਲੈ ਜਾਂਦਾ ਹੈ। ਇਸ ਤਰ੍ਹਾਂ ਗੁਰੂ ਸਾਹਿਬ ਜੀ ਦਾ ਪ੍ਰੀਵਾਰ ਵਿਛੜ ਜਾਂਦਾ ਹੈ। ਜੋੜਾ ਕਿਸੇ ਪਾਸੇ ਤੇ ਜੋੜਾ ਕਿਸੇ ਪਾਸੇ ਹੋ ਤੁਰਦਾ ਹੈ।ਇਸ ਤਰ੍ਹਾਂ ਇਤਿਹਾਸ ਮੁਤਾਬਿਕ 7 ਪੋਹ ਨੂੰ ਗੁਰੂ ਜੀ ਦਾ ਸਾਰਾ ਪ੍ਰੀਵਾਰ ਵਿੱਛੜ ਜਾਂਦਾ ਹੈ। ਇਸ ਤੋਂ ਅਗਲੇ ਦਿਨਾਂ ਵਿੱਚ ਸਾਹਿਬਜ਼ਾਦਿਆਂ ਦੀਆਂ, ਮਾਤਾ ਗੁੱਜਰ ਕੌਰ ਜੀ ਤੇ ਗੁਰੂ ਸਾਹਿਬ ਜੀ ਦੇ ਜਾਨ ਤੋਂ ਪਿਆਰੇ ਸਿੱਖਾਂ ਦੀਆਂ ਸ਼ਹੀਦੀਆਂ ਹੁੰਦੀਆਂ ਹਨ।ਜਿੱਥੇ ਗੁਰੂ ਜੀ ਦਾ ਪ੍ਰੀਵਾਰ ਨਾਲ ਵਿਛੋੜਾ ਪੈਂਦਾ ਹੈ ਉਸ ਸਥਾਨ ਤੇ ਬਹੁਤ ਸੁੰਦਰ ਗੁਰਦਆਰਾ 'ਪ੍ਰੀਵਾਰ ਵਿਛੋੜਾ ਸਾਹਿਬ' ਸਥਿੱਤ ਹੈ ਜਿੱਥੇ ਖਾਸ ਕਰ ਇੰਨ੍ਹਾਂ ਦਿਨਾਂ ਵਿੱਚ ਸੰਗਤਾਂ ਦੂਰ ਦੁਰਾਡਿਆਂ ਤੋਂ ਹੁੰਮ-ਹਮਾ ਕੇ ਉਹਨਾਂ ਸ਼ਹੀਦ ਮਰਜੀਵੜੇ ਸਿੰਘਾਂ ਦੀ ਯਾਦ ਵਿੱਚ ਜੁੜ ਬੈਠਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV



**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕਖਾਨਾ ਚੱਬਾ,**
**ਤਰਨ ਤਾਰਨ ਰੋਡ, ਅੰਮ੍ਰਿਤਸਰ-143022**

ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

# ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ)

**ਬਾਬਾ** ਜੀਵਨ ਸਿੰਘ ਜੀ (ਭਾਈ ਜੈਤਾ ਜੀ) ਗੁਰੂ ਘਰ ਦੇ ਪ੍ਰੇਮੀ ਗੁਰਸਿੱਖ ਸਨ। ਜਦ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ: ਦੀ ਵਿਸਾਖੀ ਨੂੰ 'ਖਾਲਸਾ' ਸਾਜਿਆ ਤਾਂ ਭਾਈ ਜੈਤਾ ਜੀ ਵੀ ਅੰਮ੍ਰਿਤ ਦੀ ਪਵਿੱਤਰ ਦਾਤ ਪ੍ਰਾਪਤ ਕਰਕੇਭਾਈ ਜੈਤਾ ਤੋਂ ਬਾਬਾ ਜੀਵਨ ਸਿੰਘ ਹੋ ਗਏ। ਬਾਬਾ ਜੀਵਨ ਸਿੰਘ ਜੀ ਦਾ ਜਨਮ 5 ਸਤੰਬਰ 1661 ਈ: ( ਭਾਈ ਸਾਹਿਬ ਜੀ ਦੀ ਜਨਮ ਮਿਤੀ ਸਬੰਧੀ ਲੇਖਕਾਂ ਦੇ ਵੱਖੋ-ਵੱਖਰੇ ਵਿਚਾਰ ਹਨ) ਨੂੰ ਪਿਤਾ ਭਾਈ ਸਦਾ ਨੰਦ ਜੀ ਅਤੇ ਮਾਤਾ ਲਾਜਵੰਤੀ(ਪ੍ਰੇਮੋ) ਜੀ ਦੀ ਕੁੱਖੋਂ ਪਟਨਾ ਸਾਹਿਬ ਵਿਖੇ ਹੋਇਆ। ਇਹਨਾਂ ਦੇ ਮਾਤਾ ਪਿਤਾ ਗੁਰੂ ਘਰ ਦੇ ਬਹੁਤ ਪ੍ਰੇਮੀ ਸਿੱਖ ਸਨ। ਇਹਨਾਂ ਦੇ ਪੁਰਖੇ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਸਮੇਂ ਤੋਂ ਹੀ ਗੁਰੂ ਘਰ ਨਾਲ ਜੁੜ ਚੁੱਕੇ ਸਨ।

ਬਾਬਾ ਜੀਵਨ ਸਿੰਘ ਜੀ ਦੇ ਜਨਮ ਸਮੇਂ ਇਹਨਾਂ ਦੇ ਮਾਤਾ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਜੀ ਨਾਲ ਯਾਤਰਾ ਤੇ ਸਨ।ਗੋਬਿੰਦ ਰਾਏ ਜੀ ਤੇ ਬਾਬਾ ਜੀਵਨ ਸਿੰਘ ਜੀ ਨੇ ਇੱਕਠਿਆਂ ਵਿੱਦਿਆ ਤੇ ਸ਼ਸ਼ਤਰ ਵਿੱਦਿਆ ਵਿੱਚ ਨਿਪੁੰਨਤਾ ਹਾਸਿਲ ਕੀਤੀ।ਔਰੰਗਜ਼ੇਬ ਦੇ ਜ਼ੁਲਮਾਂ ਦੇ ਸਤਾਏ ਜਦ ਕਸ਼ਮੀਰੀ ਪੰਡਿਤਾਂ ਦਾ ਇੱਕ ਵਫਦ ਪੰਡਿਤ ਕ੍ਰਿਪਾ ਰਾਮ ਦੀ ਅਗਵਾਈ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਕੋਲ ਆਇਆ ਤੇ

ਆਵਾਜ਼ਿ ਕੌਮ AWAZE QAUM International Newspaper & WEB TV

ਫਰਿਆਦ ਕੀਤੀ। ਗੁਰੂ ਸਾਹਬ ਹਿੰਦੂ ਧਰਮ ਬਚਾਉਣ ਖਾਤਿਰ ਦਿੱਲੀ ਪਹੁੰਚ ਗਏ। ਗੁਰੂ ਤੇਗ ਬਹਾਦਰ ਜੀ ਦਾ ਸੀਸ ਧੜ੍ਹ ਤੋਂ ਅਲੱਗ ਕਰਕੇ ਸ਼ਹੀਦ ਕੀਤਾ ਗਿਆ ਤੇ ਐਲਾਨ ਕੀਤਾ ਗਿਆ ਕਿ ਹੈ, ਕੋਈ ਐਸਾ ਸਿੱਖ ਜੋ ਆਪਣੇ ਗੁਰੂ ਦੇ ਸਰੀਰ ਦਾ ਸਸਕਾਰ ਕਰਨ ਦੀ ਹਿੰਮਤ ਰੱਖਦਾ ਹੋਵੇ। ਦਿੱਲੀ ਵਾਸੀ ਸਿੱਖਾਂ ਵਿੱਚੋਂ ਕਿਸੇ ਨਾ ਹਿੰਮਤ ਕੀਤੀ ਤਾਂ ਬਾਬਾ ਜੀਵਨ ਸਿੰਘ(ਭਾਈ ਜੈਤਾ ਜੀ) ਨੇ ਇਹ ਸੇਵਾ ਨਿਭਾਈ।

ਤਵਾਰੀਖ ਗੁਰੂ ਖਾਲਸਾ ਵਿੱਚ ਗਿਆਨੀ ਗਿਆਨ ਸਿੰਘ ਲਿੱਖਦਾ ਹੈ ਕਿ ਗੁਰੂ ਜੀ ਦੇ ਸ਼ਹੀਦ ਹੋਣ ਸਮੇਂ ਉਸ ਅਫੜਾ-ਤਫੜੀ ਦੀ ਹਾਲ ਚਾਲ ਵਿੱਚ ਭਾਈ ਜੈਤਾ ਮਜ਼ਹਬੀ ਸਿੱਖ ਗੁਰੂ ਜੀ ਦਾ ਸੀਸ ਉਠਾ ਕੇ ਅਨੰਦਪੁਰ ਦੇ ਰਾਹ ਪਿਆ। ਕਈ ਇਤਿਹਾਸਕਾਰ ਲਿੱਖਦੇ ਹਨ ਕਿ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ)ਨੇ ਦਿੱਲੀ ਪਹੁੰਚ ਕੇ ਰਾਤ ਦੇ ਹਨੇਰੇ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਉਠਾ ਕੇ ਉਸ ਜਗ੍ਹਾ ਆਪਣੇ ਪਿਤਾ ਦਾ ਸੀਸ ਭੁਲੇਖਾ ਪਾਉਣ ਲਈ ਰੱਖ ਦਿੱਤਾ।ਗਿ. ਗਿਆਨ ਸਿੰਘ ਲਿੱਖਦਾ ਹੈ ਕਿ ਹੁਣ ਜਦ ਨੌਵੇਂ ਗੁਰੂ ਜੀ ਦਾ ਸੀਸ ਭਾਈ ਜੈਤੇ ਦੇ ਹੱਥੀਂ ਕੀਰਤਪੁਰ ਸਾਹਿਬ ਪਹੁੰਚਣ ਦੀ ਖ਼ਬਰ ਦਸਮ ਗੁਰੂ ਨੂੰ ਅਨੰਦਪੁਰ ਸਾਹਿਬ ਪਹੁੰਚੀ ਤਾਂ ਆਪਣੇ ਸਿੱਖਾਂ ਸੇਵਕਾਂ ਸਮੇਤ ਗੁਰੂ ਜੀ ਕੀਰਤਪੁਰ ਸਾਹਿਬ ਆ ਪਹੁੰਚੇ । ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸੀਸ ਦੇ ਦਰਸ਼ਨ ਕੀਤੇ।

ਬਾਬਾ ਜੀਵਨ ਸਿੰਘ (ਭਾਈ ਜੈਤੇ ਜੀ) ਦੀ ਬਹਾਦਰਾਨਾ ਟਹਿਲ ਉੱਤੇ ਖੁਸ਼ ਹੋ ਕਰ ਬਾਬਾ ਜੀਵਨ ਸਿੰਘ (ਭਾਈ ਜੈਤੇ ਜੀ) ਨੂੰ 'ਰੰਗਰੇਟੇ ਗੁਰੂ ਕੇ ਬੇਟੇ' ਦੀ ਪਦਵੀ ਦਿੱਤੀ ਤੇ ਇਹ ਖਿਤਾਬ ਨਾਲ ਨਿਵਾਜ਼ ਕੇ ਛਾਤੀ ਨਾਲ ਲਾਇਆ।(ਉੱਧਰ ਗੁਰੂ ਤੇਗ ਬਹਾਦਰ ਸਾਹਬ ਜੀ ਦਾ ਧੜ੍ਹ ਭਾਈ ਲੱਖੀ ਸ਼ਾਹ ਵਣਜਾਰੇ ਨੇ ਆਪਣੇ ਪੁੱਤਰਾਂ ਦੀ ਮਦਦ ਨਾਲ ਰੂੰ ਵਾਲੇ ਗੱਡੇ ਵਿੱਚ ਸਤਿਕਾਰ ਸਹਿਤ ਰੱਖ ਕੇ ਆਪਣੇ ਘਰ ਲਿਜਾ ਕੇ ਆਪਣੇ ਘਰ ਨੂੰ ਅਗਨ ਭੇਟ ਕਰਕੇ ਗੁਰੂ ਸਾਹਬ ਜੀ ਦੇ ਧੜ੍ਹ ਦਾਸਸਕਾਰ ਕੀਤਾ ਸੀ)। ਪਰ ਇੱਕ ਗੱਲ ਨੂੰ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਡੂੰਘੇ ਚਿੰਤਨ ਵਿੱਚ ਸਨ ਕਿ ਸਿੱਖਾਂ ਨੇ ਦਿੱਲ਼ੀ ਵਿੱਚ ਅੱਗੇ ਹੋ ਕੇ ਹਿੰਮਤ ਕਿਉਂ ਨਹੀ ਵਿਖਾਈ।ਕਾਫੀ ਸੋਚ ਵਿਚਾਰ ਤੋਂ ਬਾਅਦ ਇਸ ਸਿੱਟੇ ਤੇ ਪਹੁੰਚੇ ਕਿ 'ਮੈਂ ਆਪਣੇ ਸਿੱਖ ਨੂੰ ਐਸੀ ਪਛਾਣ ਦਿਆਂਗਾ ਕਿ ਲੱਖਾਂ ਦੀ ਭੀੜ



ਵਿੱਚੋਂ ਵੀ ਪਛਾਣਿਆਂ ਜਾਵੇਗਾ'।

ਗੁਰੂ ਸਾਹਿਬ ਨੇ 1699 ਈ: ਦੀ ਵਿਸਾਖੀ ਨੂੰ 'ਖਾਲਸਾ' ਸਾਜ ਕੇ ਦੁਨੀਆਂ ਵਿੱਚ ਸਭ ਤੋਂ ਅਨੋਖਾ ਕੰਮ ਕਰ ਵਿਖਾਇਆ। ਉਸੇ ਖਾਲਸੇ ਤੋਂ ਆਪ ਅੰਮ੍ਰਿਤ ਦੀ ਪਵਿੱਤਰ ਦਾਤ ਪ੍ਰਾਪਤ ਕਰਕੇ 'ਗੋਬਿੰਦ ਰਾਏ' ਤੋਂ 'ਗੋਬਿੰਦ ਸਿੰਘ' ਬਣ ਗਏ। ਖਾਲਸੇ ਨੂੰ ਪੰਜ ਕਕਾਰਾਂ ਦੀ ਦਾਤ ਬਖਸ਼ਿਸ਼ ਕਰਕੇ ਦੁਨੀਆਂ ਵਿੱਚ ਸਭ ਤੋਂ ਵੱਖਰਾ ਰੂਪ ਦਿੱਤਾ। ਬਾਬਾ ਜੀਵਨ ਸਿੰਘ ਜੀ ਨੇ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਜ਼ੁਲਮ ਦੇ ਖਿਲਾਫ ਲੜੀ ਹਰ ਜੰਗ ਵਿੱਚ ਵੱਧ ਚੜ੍ਹ ਕੇ ਸਾਥ ਦਿੱਤਾ। ਜਦ ਗੁਰੂ ਸਾਹਬ ਜੀ ਨੇ ਅਨੰਦਪੁਰ ਛੱਡਿਆ ਤਾਂ ਕਾਫਲੇ ਦੇ ਸਭ ਤੋਂ ਅਖੀਰ ਵਿੱਚ ਗੁਰੂ ਸਾਹਬ ਜੀ ਨੇ ਬਾਬਾ ਜੀਵਨ ਸਿੰਘ ਜੀ, ਭਾਈ ਬਚਿੱਤਰ ਸਿੰਘ ਤੇ ਭਾਈ ਉਦੈ ਸਿੰਘ ਜੀ ਦੀ ਡਿਊਟੀ ਲਾਈ, ਕਿਉਂਕਿ ਗੁਰੂ ਸਾਹਬ ਜਾਣਦੇ ਸਨ ਕਿ ਮੁਗਲ ਆਪਣੇ ਵਾਅਦਿਆਂ ਤੋਂ ਮੁੱਕਰ ਜਾਣਗੇ, ਇਸ ਲਈ ਪਿੱਠ ਪਿੱਛੋਂ ਹਮਲਾ ਜ਼ਰੂਰ ਕਰਣਗੇ ਤਾਂ ਇੰਨ੍ਹਾਂ ਜ਼ਾਲਮਾਂ ਨਾਲ ਇਹ ਸਿੰਘ ਸੂਰਮੇ ਹੀ ਨਜਿੱਠ ਸਕਦੇ ਹਨ।

ਬਾਬਾ ਜੀਵਨ ਸਿੰਘ ਜੀ ਦਾ ਅਨੰਦ ਕਾਰਜ ਮਾਤਾ ਰਾਜ ਕੌਰ ਜੀ ਨਾਲ ਹੋਇਆ। ਬਾਬਾ ਜੀਵਨ ਸਿੰਘ ਜੀ ਦੇ ਘਰ ਚਾਰ ਪੁੱਤਰਾਂ ਨੇ ਜਨਮ ਲਿਆ। ਭਾਈ ਸੁੱਖਾ ਸਿੰਘ, ਭਾਈ ਸੇਵਾ ਸਿੰਘ ਵੱਡੇ ਸਪੁੱਤਰ ਜੋ ਚਮਕੌਰ ਦੀ ਗੜ੍ਹੀ ਵਿੱਚ ਸ਼ਹੀਦ ਹੋਏ ਸਨ ਤੇ ਭਾਈ ਗੁਲਜ਼ਾਰ ਸਿੰਘ ਤੇ ਭਾਈ ਗੁਰਦਿਆਲ ਸਿੰਘ ਜੋ ਸਰਸਾ ਨਦੀ ਦੀ ਜੰਗ ਵਿੱਚ ਸ਼ਹੀਦ ਹੋਏ ਸਨ।

ਇਤਿਹਾਸ ਵਿੱਚ ਆਉਂਦਾ ਹੈ ਕਿ ਬਾਬਾ ਜੀਵਨ ਸਿੰਘ ਜੀ ਚਮਕੌਰ ਦੀ ਜੰਗ ਸਮੇਂ ਗੁਰੂ ਜੀ ਦੇ ਮੋਢੇ ਨਾਲ ਮੋਢਾ ਜੋੜ ਕੇ ਵੈਰੀ ਨਾਲ ਲੜੇ।ਬਾਬਾ ਜੀਵਨ ਸਿੰਘ ਜੀ ਨੇ ਇਸ ਜੰਗ ਵਿੱਚ ਵੀ ਆਪਣੀ ਬਹਾਦਰੀ ਦੇ ਜੌਹਰ ਵਿਖਾਏ।ਜਦ ਦੋਵੇਂ ਸਾਹਿਬਜ਼ਾਦੇ ਸ਼ਹੀਦੀਆਂ ਪ੍ਰਾਪਤ ਕਰ ਗਏ ਤਾਂ ਬਾਕੀ ਬਚੇ ਹੋਏ ਸਿੰਘਾਂ ਨੇ ਗੁਰੂ ਜੀ ਨੂੰ ਉੱਥੋਂ ਨਿਕਲ ਜਾਣ ਲਈ ਕਿਹਾ ਤਾਂ ਗੁਰੂ ਸਾਹਿਬ ਜੀ ਨੇ ਇਨਕਾਰ ਕਰ ਦਿੱਤਾ, ਤਦ ਪੰਜ ਸਿੰਘਾਂ ਨੇ ਹੁਕਮ ਕੀਤਾ ਕਿ 'ਆਪ ਜਿਸ ਹਾਲਤ ਵਿੱਚ ਹੋ, ਗੁਰੂ ਪੰਥ ਆਪ ਜੀ ਨੂੰ ਇੱਥੋਂ ਚਲੇ ਜਾਣ ਲਈ ਹੁਕਮ ਕਰਦਾ ਹੈ ਤੇ ਬਾਹਰ ਜਾ ਕੇ ਪੰਥ ਦੀ ਸੰਭਾਲ ਕਰੋ' ਤਾਂ ਗੁਰੂ ਸਾਹਬ ਜਿਸ ਹਾਲਤ ਵਿੱਚ ਸਨ। ਉਸੇ ਹਾਲਤ ਵਿੱਚ ਬਾਹਰ ਚਲੇ ਗਏ।

ਗੁਰੂ ਸਾਹਿਬ ਜੀ ਦੇ ਜਾਣ ਪਿੱਛੋਂ ਯੁੱਧ ਦੀ ਕਮਾਨ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ) ਨੇ ਸੰਭਾਲੀ। ਇਸ ਯੁੱਧ ਵਿੱਚ ਬਾਬਾ ਜੀਵਨ ਸਿੰਘ ਜੀ ਦੇ ਦੋ ਵੱਡੇ ਸਪੁੱਤਰ ਭਾਈ ਸੁੱਖਾ ਸਿੰਘ, ਭਾਈ ਸੇਵਾ ਸਿੰਘ ਤੇ ਛੋਟਾ ਭਰਾ ਭਾਈ ਸੰਗਤ ਸਿੰਘ ਜੀ ਵੀ ਸ਼ਹੀਦ ਹੋ ਗਏ।ਅੰਤ ਵੈਰੀ ਨਾਲ ਲੋਹਾ ਲੈਂਦੇ ਹੋਏ ਬਾਬਾ ਜੀਵਨ ਸਿੰਘ ਜੀ 23 ਦਸੰਬਰ 1704 ਦੀ ਸਵੇਰ ਨੂੰ ਸ਼ਹੀਦੀ ਪ੍ਰਾਪਤ ਕੀਤੀ। ਬਾਬਾ ਜੀਵਨ ਸਿੰਘ ਜੀ ਚਮਕੌਰ ਦੀ ਜੰਗ ਦੇ ਆਖਰੀ ਸ਼ਹੀਦ ਸਨ।ਬਾਬਾ ਜੀਵਨ ਸਿੰਘ ਜੀ ਜਿੱਥੇ ਇਕ ਬਹਾਦਰ, ਸੂਰਬੀਰ ਤੇ ਮਹਾਂਬਲੀ ਯੋਧੇ ਸਨ, ਉੱਥੇ ਨਾਲ ਹੀ ਇੱਕ ਉੱਚ ਦਰਜੇ ਦੇ ਕਵੀ ਵੀ ਸਨ। ਆਪ ਨੇ ਕਈ ਵੰਨਗੀਆਂ ਵਿੱਚ ਸਾਹਿਤ ਰਚਿਆ ਜਿਵੇ ਕਵਿਤਾ, ਕਬਿੱਤ, ਛੰਦ, ਦੋਹਰੇ, ਚੌਪਈ, ਸਵੱਯੇ, ਸਿੱਖਾਂ ਲਈ ਰਹਿਤਨਾਮਾ ਤੇ ਹੋਰ ਵੀ ਬਹੁਤ ਕੁੱਝ ਸਿੱਖ ਜਗਤ ਦੀ ਝੋਲੀ ਵਿੱਚ ਪਾਇਆ। ਜਿਵੇ ਬਾਬਾ ਜੀਵਨ ਸਿੰਘ ਜੀ ਵੱਲੋਂ ਲਿਖਿਆ ਇਹ ਸਵੈਯਾ ਹੈ:

ਗੁਰੂ ਗੋਬਿੰਦ ਸਿੰਘ ਸੁ ਪੰਥ ਕੀਆ,
ਜਗ ਭੀਤਰ ਜੋ ਜਨ ਕੋ ਸੁਖਦਾਈ।
ਜਹਿ ਸੋਂ ਸਬ ਬੰਧ ਮਿਟੈ ਜਮ ਕੈ,
ਪਰਮਾਤਮ ਸਾਥ ਜੋ ਬੇਗ ਮਿਲਾਈ।
ਜਗ ਤੀਰਥ ਜੋਗ ਸੋਂ ਮੁਕਤ ਭਇਆ,
ਗੁਰ ਸਬਦਿ ਸੁ ਜਾਨ ਲੀਉ ਰਘੁਰਾਈ।
ਕਹਹੁ ਜੀਵਨ ਸਿੰਘ ਅਚਿੰਤ ਭਏ,
ਪਗ ਗੋਬਿੰਦ ਸਿੰਘ ਲੀਏ ਪ੍ਰਸਾਈ।

ਆਪ ਨੂੰ ਬਚਪਨ ਸਮੇਂ ਤੋਂ ਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਅਸ਼ੀਰਵਾਦ ਪ੍ਰਾਪਤ ਸੀ। ਫਿਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਥਾਪੜਾ ਲੈ ਕੇ ਹਰ ਜੰਗਾਂ ਯੁੱਧਾਂ ਵਿੱਚ ਫਤਿਹ ਹਾਸਿਲ ਕੀਤੀ। ਆਪ ਨੇ ਆਪਣੀ ਲੇਖਣੀ ਵਿੱਚ ਗੁਰੂ ਸਾਹਬ ਦੇ ਸਮੇਂ ਹੋਈਆਂ ਜੰਗਾਂ, ਯੁੱਧਾਂਤੇ ਗੁਰੂ ਜੀ ਦੇ ਹਰ ਕੌਤਕ ਦਾ ਵਰਨਣ ਪੇਸ਼ ਕੀਤਾ ਹੈ। ਆਪ ਨੂੰ ਗੁਰੂ ਘਰ ਦੇ 52 ਕਵੀਆਂ ਦੀ ਸੰਗਤ ਮਾਨਣ ਦਾ ਵੀ ਸੁਭਾਗ ਪ੍ਰਾਪਤ ਹੋਇਆ ਹੈ। ਗੁਰੂ ਸਾਹਬ ਜੀ ਕੋਲੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਸਿੱਖੀ ਨੂੰ ਮਜ਼ਬੂਤੀ ਪ੍ਰਦਾਨ ਕੀਤੀ।ਆਉ ਆਪਾਂ ਸਾਰੇ ਜਾਤਾਂ-ਪਾਤਾਂ ਤੋਂ ਉੱਪਰ ਉੱਠ ਕੇ ਗੁਰੂ ਸਾਹਿਬ ਦੇ ਪਾਏ ਪੂਰਨਿਆਂ ਤੇ ਚੱਲੀਏ।ਇੱਕ-ਮਿੱਕ ਹੋ ਕੇ ਸੱਚਮੁੱਚ ਉਸ ਗੁਰੂ ਦੇ ਪੁੱਤਰ ਬਣ ਕੇ ਇੱਕ ਝੰਡੇ ਥੱਲੇ ਇੱਕਠੇ ਹੋਈਏ। ਗੁਰੂ ਸਾਹਿਬ ਫੁਰਮਾਉਂਦੇ ਹਨ ਕਿ:

ਮਾਨਸ ਕੀ ਜਾਤਿ ਸਬੈ ਏਕੈ ਪਹਿਚਾਨਬੋ।।

ਬਾਬਾ ਜੀਵਨ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸਿੱਖ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।ਪੰਥ ਪ੍ਰਸਿੱਧ ਰਾਗੀ, ਢਾਡੀ, ਕਥਾ ਵਾਚਕ, ਪ੍ਰਚਾਰਕ ਤੇ ਬੁਲਾਰੇ ਗੁਰੂ ਜੱਸ ਗਾ ਕੇ ਸੰਗਤਾਂ ਨੂੰ ਨਿਹਾਲ ਕਰਦੇ ਹਨ। ਭਾਈ ਕਾਹਨ ਸਿੰਘ ਨਾਭਾ ਲਿੱਖਦੇ ਹਨ ਕਿ ਬਾਬਾ ਜੀਵਨ ਸਿੰਘ ਜੀ ਬੜੇ ਸੂਰਬੀਰ, ਮਹਾਂਬਲੀ ਯੋਧੇ ਸਨ।ਗੁਰੂ ਸਾਹਿਬ ਜੀ ਦੇ ਇਸ ਮਹਾਨ ਸਿੱਖ ਜਰਨੈਲ ਨੂੰ ਕੋਟਿਨ-ਕੋਟਿ ਪ੍ਰਣਾਮ।

**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ:ਚੱਬਾ,**
**ਤਰਨ ਤਾਰਨ ਰੋਡ, ਅੰਮ੍ਰਿਤਸਰ-143022**




**ਬਿਆਸ ਅਤੇ ਪੈਸਫਿਕ ਹਾਊਸ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਬਣੇ ਸਰਵੋਤਮ ਹਾਊਸ 2025**

# ਇੰਜੀਨੀਅਰ ਇਨ ਚੀਫ ਭੰਗੂ ਵੱਲੋਂ ਪ੍ਰਦਾਨ ਕੀਤੀਆਂ ਓਵਰਆਲ ਟਰਾਫੀਆਂ

**ਚੌਂਕ ਮਹਿਤਾ, 20 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )-** ਪਿਛਲੇ ਦਿਨੀਂ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਵਿਖੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ, ਸ੍ਰੀ ਗੁਰੂ ਗੋਬਿੰਦ ਸਿੰਘ ਜੀ 350 ਸਾਲਾਂ ਗੁਰਤਾ ਗੱਦੀ ਦਿਵਸ ,ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਸਲਾਨਾ ਖੇਡ ਸਮਾਗਮ ਕਰਵਾਏ ਗਏ। ਅੱਜ ਇਸ ਸਮਾਗਮ ਵਿੱਚ ਖੇਡ ਸਮਾਰੋਹ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਇਨਾਮ ਵੰਡ ਕੀਤੀ ਗਈ। ਇਸ ਸਮਾਗਮ ਦੇ ਮੁੱਖ ਮਹਿਮਾਨ ਸ: ਜਤਿੰਦਰ ਸਿੰਘ ਭੰਗੂ ਇੰਜੀਨੀਅਰ ਇਨ ਚੀਫ ਪੰਜਾਬ ਰਾਜ ਮੰਡੀ ਬੋਰਡ ਸਨ ।ਇਸ ਸਮਾਗਮ ਦਾ ਆਗਾਜ਼ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਣ ਕਰਕੇ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਦਸਮੇਸ਼ ਹੈਰੀਟੇਜ ਦੇ ਵਿਦਿਆਰਥੀਆਂ ਵੱਲੋਂ ਸਾਹਿਬਜ਼ਾਦਿਆਂ ਦੇ ਜੀਵਨ, ਸ਼ਹੀਦੀ ਅਤੇ ਪੰਜਾਬ ਰਾਜ ਦੇ ਇਤਿਹਾਸ ਨਾਲ ਸੰਬੰਧਿਤ ਕੋਰਿਓਗ੍ਰਾਫੀਆਂ ਪੇਸ਼ ਕੀਤੀਆਂ ਗਈਆਂ।ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਸ. ਹਰਸ਼ਦੀਪ ਸਿੰਘ ਬੇ ਸ.ਜਤਿੰਦਰ ਸਿੰਘ ਭੰਗੂ ਦਾ ਸਵਾਗਤ ਕੀਤਾ ।ਇਸ ਤੋਂ ਬਾਅਦ ਆਏ ਹੋਏ ਮੁੱਖ ਮਹਿਮਾਨ ਵੱਲੋਂ ਵੱਖ-ਵੱਖ ਪ੍ਰਤੀਯੋਗੀਤਾਵਾਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕਰਕੇ ਉਹਨਾਂ ਦੀ ਹੌਸਲਾ ਅਫਜਾਈ ਕੀਤੀ। ਦਸ਼ਮੇਸ਼ ਪਬਲਿਕ ਸਕੂਲ ਵਿੱਚ ਚੱਲ ਰਹੇ ਤਿੰਨ ਹਾਊਸ ਸਤਲੁਜ, ਰਾਵੀ, ਬਿਆਸ ਵਿਚਾਲੇ ਜੋ ਮੁਕਾਬਲੇ ਕਰਵਾਏ ਗਏ ਉਹਨਾਂ ਵਿੱਚ ਕ੍ਰਮਵਾਰ ਬਿਆਸ ਹਾਊਸ ਨੇ ਪਹਿਲਾ ਸਥਾਨ, ਰਾਵੀ ਹਾਊਸ ਨੇ ਦੂਸਰਾ ਸਥਾਨ ਸਤਲੁਜ ਹਾਊਸ ਨੇ ਤੀਸਰਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਦਸ਼ਮੇਸ਼ ਹੈਰੀਟੇਜ ਦੇ ਤਿੰਨੋਂ ਹਾਊਸ ਇੰਡੀਅਨ, ਐਟਲਾਂਟਿਕ , ਪੈਸੇਫਿਕ ਹਾਊਸਾਂ ਵਿਚਾਲੇ ਜੋ ਮੁਕਾਬਲੇ ਕਰਵਾਏ ਗਏ ਉਹਨਾਂ ਵਿੱਚ ਕ੍ਰਮਵਾਰ ਪਹਿਲਾ ਸਥਾਨ ਪੈਸਫਿਕ ਹਾਊਸ, ਦੂਸਰਾ ਸਥਾਨ ਐਟਲਾਂਟਿਕ ਹਾਊਸ ,ਤੀਸਰਾ ਸਥਾਨ ਇੰਡੀਅਨ ਹਾਊਸ ਨੇ ਪ੍ਰਾਪਤ ਕੀਤਾ ਅਤੇ ਜੇਤੂ ਹਾਊਸਾਂ ਨੇ ਸ. ਜਤਿੰਦਰ ਸਿੰਘ ਭੰਗੂ ਕੋਲੋਂ ਓਵਰ ਆਲ ਟਰਾਫੀਆਂ ਪ੍ਰਾਪਤ ਕੀਤੀਆਂ ।ਆਏ ਹੋਏ ਮੁੱਖ ਮਹਿਮਾਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਆਪਣੇ ਵਿਰਸੇ ਦੀ ਸੰਭਾਲ ਕਰਨੀ ਚਾਹੀਦੀ ਹੈ ਅਤੇ ਜਿਹੜੀਆਂ ਸੰਸਥਾਵਾਂ ਧਰਮ ਨਾਲ ਜੁੜੀਆਂ ਹਨ, ਉਹ ਆਪਣੇ ਬੱਚਿਆਂ ਦਾ ਬਹੁਤ ਵਧੀਆ ਧਾਰਮਿਕ ਵਿਕਾਸ ਕਰਦੀਆਂ ਹਨ ।ਧਰਮ ਇਨਸਾਨੀਅਤ ਸਿਖਾਉਂਦਾ ਹੈ, ਵੈਰ ਵਿਰੋਧ ਤੋਂ ਦੂਰ ਰੱਖਦਾ ਹੈ। ਉਨਾਂ ਨੇ ਦਸ਼ਮੇਸ਼ ਵਿਦਿਅਕ ਸੰਸਥਾਵਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਸੰਸਥਾ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਧਾਰਮਿਕ ਵਿਦਿਆ ਦੇ ਕੇ ਉਹਨ੍ਹਾਂ ਨੂੰ ਧਰਮ ਦੇ ਨਾਲ ਵੀ ਜੋੜ ਰਹੀ ਹੈ ।ਸੰਸਥਾ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਅਤੇ ਮੈਨੇਜਿੰਗ ਡਾਇਰੈਕਟਰ ਸ: ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਅਤੇ ਜੀ ਆਇਆਂ ਆਖਿਆ ।ਇਸ ਮੌਕੇ ਪ੍ਰਿੰ: ਕੁਲਬੀਰ ਸਿੰਘ ਮਾਨ,ਸ: ਅਵਤਾਰ ਸਿੰਘ ਬੁੱਟਰ (ਮੈਂਬਰ ਚੀਫ ਖਾਲਸਾ ਦੀਵਾਨ), ਪ੍ਰਿੰ: ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰ: ਜਤਿੰਦਰ ਸ਼ਰਮਾ, , ਮੈ: ਹਰਪ੍ਰੀਤ ਕੌਰ, ਮੈ: ਬਲਜੀਤ ਕੌਰ, ਮੈ: ਰਵਿੰਦਰ ਕੌਰ, ਮੈ: ਅਨੁਦੀਪ ਕੌਰ, ਸਰ: ਅੰਮ੍ਰਿਤਪਾਲ ਸਿੰਘ, ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।



### ਸਰਦਾਰ ਜਗਜੀਤ ਸਿੰਘ ਬਾਠ ਸਕਾਟਲੈਂਡ ਯੂਕੇ ਦੀ

# ਅੰਤਿਮ ਅਰਦਾਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਸ਼ਰਧਾਂਜਲੀ ਭੇਂਟ ਕੀਤੀ














ਸਰਦਾਰ ਜਗਜੀਤ ਸਿੰਘ ਬਾਠ ਸਕਾਟਲੈਂਡ ਯੂਕੇ ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ ਅੱਜ ਉਨਾਂ ਦੀ ਅੰਤਿਮ ਅਰਦਾਸ ਉਨਾਂ ਦੇ ਜੱਦੀ ਪਿੰਡ ਪੰਡਵਾਂ ਫਗਵਾੜਾ ਜਲੰਧਰ ਵਿਖੇ ਕੀਤੀ ਗਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕਥਾ ਕੀਰਤਨ ਹੋਇਆ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼ਰਧਾਂਜਲੀ ਭੇਂਟ ਕੀਤੀ ਇਸ ਸਮੇਂ ਸਿੱਖ ਸੰਗਤਾਂ ਅਤੇ ਰਿਸ਼ਤੇਦਾਰ ਹਾਜ਼ਰ ਸਨ ਜਗਜੀਤ ਸਿੰਘ ਬਾਠ ਦੀ ਧਰਮ ਸੁਪਤਨੀ ਜਸਵੀਰ ਕੌਰ ਪੁੱਤਰ ਗੁਰਪ੍ਰੀਤ ਸਿੰਘ ਬਾਠ ਬਿਕਰਮ ਸਿੰਘ ਬਾਠ ਅਤੇ ਭਰਾਤਾ ਮਨਜੀਤ ਸਿੰਘ ਬਾਠ ਨਿਊਜੀਲੈਂਡ ਨਾਲ ਦੁੱਖ ਸਾਂਝਾ ਕੀਤਾ ਜਥੇਦਾਰ ਦਾਦੂਵਾਲ ਜੀ ਨੇ ਦੋਨਾਂ ਸਪੁੱਤਰਾਂ ਨੂੰ ਦਸਤਾਰਾਂ ਭੇਂਟ ਕੀਤੀਆਂ।(**ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰ**

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਦਾ

# ਸਲਾਨਾ ਸਮਾਗਮ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ












ਬਿਲਾਸਪੁਰ / ਮੋਗਾ -(ਵਰਿਆਮ ਹਠੂਰ) ਇਲਾਕੇ ਦੀ ਚਰਚਿਤ ਤੇ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਦਾ ਸਲਾਨਾ ਸਮਾਗਮ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ, ਸਲਾਨਾ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਜਿੱਥੇ ਹਲਕਾ ਨਿਹਾਲ ਸਿੰਘ ਵਾਲਾ ਤੋਂ ਐੱਮ ਐੱਲ ਏ ਮਨਜੀਤ ਸਿੰਘ ਬਿਲਾਸਪੁਰ ਨੇ ਸ਼ਿਰਕਤ ਕੀਤੀ ਉੱਥੇ ਉੱਘੇ ਲੇਖਿਕਾ ਮੈਡਮ ਮਨਦੀਪ ਕੌਰ ਭਦੌੜ, ਕੈਪਟਨ ਟੇਕ ਚੰਦ ਅਤੇ ਹੋਰ ਵੱਖ ਵੱਖ ਸਤਿਕਾਰਯੋਗ ਸ਼ਖ਼ਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਬੱਚਿਆਂ ਦੇ ਮਾਪਿਆਂ ਨੇ ਪਹੁੰਚ ਕੇ ਸਮਾਗਮ ਨੂੰ ਹੋਰ ਵੀ ਚਾਰ ਚੰਨ ਲਾ ਦਿੱਤੇ, ਤਾੜੀਆਂ ਦੀ ਗੂੰਜ ਵਿੱਚ ਸਮਾਗਮ ਦੀ ਸ਼ੁਰੂਆਤ ਹੋਈ, ਤੇ ਸਕੂਲ ਦੇ ਬੱਚਿਆਂ ਦੀ ਬੈਂਡ ਪਾਰਟੀ ਨੇ ਐੱਮ ਐੱਲ ਏ ਮਨਜੀਤ ਸਿੰਘ ਬਿਲਾਸਪੁਰ, ਲੇਖਿਕਾ ਮੈਡਮ ਮਨਦੀਪ ਕੌਰ ਭਦੌੜ, ਸਕੂਲ ਪ੍ਰਧਾਨ ਅਤੇ ਸਮਾਜ ਸੇਵੀ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੰਜੂਮੋਲ ਜੋਅ, ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਸਮੇਤ ਹੋਰ ਪੁੱਜੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਨੂੰ ਸਟੇਜ ਤੱਕ ਲਿਆਂਦਾ, ਤਾੜੀਆਂ ਦੀ ਗੜਗੜਾਹਟ ਵਿੱਚ ਰੀਬਨ ਕੱਟਣ ਦੀ ਰਸਮ ਤੋਂ ਬਾਅਦ ਸਮਾਂ ਜਲਾਉਣ ਦੀ ਰਸਮ ਐੱਮ ਐੱਲ ਏ ਮਨਜੀਤ ਸਿੰਘ ਬਿਲਾਸਪੁਰ ਅਤੇ ਸਕੂਲ ਮੈਨੇਜ਼ਮੈਂਟ ਦੁਆਰਾ ਨਿਭਾਈ ਗਈ, ਸਟੇਜ ਤੋਂ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੇ ਜਿੱਥੇ ਲੋਕ ਨਾਚਾਂ, ਸਕਿੱਟ, ਨੁਕੜ ਨਾਟਕ, ਅੰਗਰੇਜ਼ੀ ਨਾਟਕਾਂ ਨੂੰ ਪੇਸ਼ ਕੀਤਾ ਉੱਥੇ ਇਸ ਮੌਕੇ ਵਿਦਿਆਰਥੀਆਂ ਦੁਆਰਾ ਪੰਜਾਬ ਦੇ ਲੋਕ ਨਾਚਾਂ ਭਾਵ ਗਿੱਧਾ ਤੇ ਭੰਗੜਾ ਬੋਲੀਆਂ ਨੂੰ ਬਹੁਤ ਹੀ ਬਾਕਮਾਲ ਤਰੀਕੇ ਨਾਲ ਪੇਸ਼ ਕੀਤਾ, ਇਸ ਤੋਂ ਇਲਾਵਾ ਰਾਜਸਥਾਨੀ ਅਤੇ ਹਰਿਆਣਵੀ ਨਾਚ, ਅਤੇ ਅੰਗਰੇਜ਼ੀ ਡਾਂਸ ਦੀ ਵੀ ਬੱਚਿਆਂ ਨੇ ਸ਼ਾਨਦਾਰ ਪੇਸ਼ਕਾਰੀ ਕੀਤੀ, ਤੇ ਬੱਚਿਆਂ ਦੁਆਰਾ ਦੇਸ਼ ਭਗਤੀ ਨਾਲ ਸਬੰਧਿਤ ਨਾਟਕ ਅਤੇ ਕੋਰਿਓਗ੍ਰਾਫੀਆਂ, ਖਿੱਚ ਦਾ ਕੇਂਦਰ ਰਹੀਆਂ, ਵਿਦਿਆਰਥੀਆਂ ਦੁਆਰਾ ਸਮਾਜ ਵਿੱਚ ਫੈਲੀਆਂ ਹੋਈਆਂ ਕੁਰੀਤੀਆਂ ਜਿਵੇਂ ਕਿ ਨਸ਼ੇ ਅਤੇ ਲਗਾਤਾਰ ਵੱਧ ਰਹੀ ਮਹਿੰਗਾਈ ਨੂੰ ਬਹੁਤ ਹੀ ਵਧੀਆ ਹੀ ਵਧੀਆ ਤਰੀਕੇ ਨਾਲ ਪੇਸ਼ ਕੀਤਾ ਗਿਆ, ਤੇ ਨਾਲ ਨਾਲ ਰੁੱਖਾਂ ਅਤੇ ਪਾਣੀ ਨੂੰ ਬਚਾਉਣ ਲਈ ਵੀ ਸਟੇਜ ਤੋਂ ਸ਼ਾਨਦਾਰ ਮੈਸਿਜ ਦਿੱਤਾ, ਇਸ ਤੋਂ ਇਲਾਵਾ ਬੋਰਡ ਪ੍ਰੀਖਿਆਵਾਂ ਵਿੱਚ 90 ਪ੍ਰਤੀਸ਼ਤ ਤੋਂ ਵੱਧ ਅੰਕ ਲੈਣ ਵਾਲੇ ਵਿਦਿਆਰਥੀਆਂ ਨੂੰ ਐੱਮ ਐੱਲ ਏ ਮਨਜੀਤ ਸਿੰਘ ਬਿਲਾਸਪੁਰ ਅਤੇ ਸਕੂਲ ਮੈਨੇਜ਼ਮੈਂਟ ਵੱਲੋਂ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਮੌਜੂਦ ਸਾਰੇ ਹੀ ਮਾਪਿਆਂ ਨੇ ਪ੍ਰੋਗਰਾਮ ਦਾ ਖੂਬ ਆਨੰਦ ਮਾਣਿਆ ਤੇ ਪ੍ਰੋਗਰਾਮ ਦੀ ਸ਼ਲਾਘਾ ਕੀਤੀ। ਇਸ ਖਾਸ ਮੌਕੇ ਤੇ ਸਕੂਲ ਦੀ ਸਲਾਨਾ ਰਿਪੋਰਟ ਨੂੰ ਵੀ ਪੇਸ਼ ਕੀਤਾ ਗਿਆ, ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਧਾਨ ਚਰਨ ਸਿੰਘ ਸਕੂਲ ਚੇਅਰਮੈੱਨ ਯੋਗਿੰਦਰ ਸ਼ਰਮਾ ਡਾਇਰੈਕਟਰ ਮੋਹਨੀਸ਼ ਮਿਸ਼ਾ, ਪ੍ਰਿੰਸੀਪਲ ਕੰਜੂਮੋਲ ਜੋਅ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਾਰੇ ਹੀ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਆਉਣ ਵਾਲੇ ਸਾਲਾਂ ਵਿੱਚ ਵੀ ਅਸੀਂ ਇਸ ਤਰ੍ਹਾਂ ਦੇ ਰੰਗਾਂ ਰੰਗ ਸਮਾਰੋਹ ਕਰਵਾਉਣ ਲਈ ਵਚਨਬੱਧ ਹਾਂ ਤਾਂ ਜੋ ਬੱਚਿਆਂ ਦੇ ਆਤਮ ਬਲ ਨੂੰ ਉੱਚਾ ਚੁੱਕਿਆ ਜਾ ਸਕੇ। ਇਸ ਮੌਕੇ ਵੱਡੀ ਗਿਣਤੀ ਵਿੱਚ ਬੱਚਿਆਂ ਦੇ ਮਾਪੇ ਹਾਜ਼ਰ ਸਨ।

**ਐੱਮ ਐੱਲ ਏ ਮਨਜੀਤ ਸਿੰਘ ਬਿਲਾਸਪੁਰ ਅਤੇ ਸਕੂਲ ਮੈਨੇਜ਼ਮੈਂਟ ਨੇ 90 ਪ੍ਰਤੀਸ਼ਤ ਤੋਂ ਉੱਪਰ ਨੰਬਰ ਲੈਣ ਵਾਲੇ ਬੱਚਿਆਂ ਨੂੰ ਕੀਤਾ ਸਨਮਾਨਿਤ**

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਨਿਸ਼ਕਾਮ ਸੇਵਾ

**ਤਲਵੰਡੀ ਸਾਬੋ, 20 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਵਿੱਦਿਆ ਦੇ ਖੇਤਰ ਵਿੱਚ ਪਿਛਲੇ ਲਗਭਗ ਡੇਢ ਦਹਾਕੇ ਤੋਂ ਬੜੀ ਸ਼ਿੱਦਤ ਨਾਲ ਕਾਰਜਸ਼ੀਲ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਪਿੰਡ ਲਾਲੇਆਣਾ ਰੋਡ ਦੇ ਝੁੱਗੀ-ਝੋਪੜੀ ਵਾਸੀਆਂ ਨੂੰ ਗਰਮ ਕੱਪੜੇ, ਕਾਪੀਆਂ, ਕਿਤਾਬਾਂ, ਪੈਨਸਲਾਂ ਅਤੇ ਬਿਸਕੁਟ ਵੰਡੇ ਗਏ। ਫੈਕਲਟੀ ਆਫ਼ ਕੰਪਿਊਟਿੰਗ ਦੇ ਡੀਨ ਡਾ. ਵਿਜੈ ਲਕਸ਼ਮੀ, ਫੈਕਲਟੀ ਮੈਂਬਰ ਅਤੇ ਵਿਦਿਆਰਥੀਆਂ ਨੇ ਇਸ ਵਿੱਚ ਭਾਗ ਲਿਆ। ਡਾ. ਲਕਸ਼ਮੀ ਨੇ ਦੱਸਿਆ ਕਿ ਇਹ ਨਿਸ਼ਕਾਮ ਸੇਵਾ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਿਤ ਅਤੇ ਉਨ੍ਹਾਂ ਦੀ ਕੁਰਬਾਨੀ ਨੂੰ ਸਮਰਪਿਤ ਸੀ। ਉਨ੍ਹਾਂ ਦੱਸਿਆ ਕਿ ਇਸ ਰਾਹੀਂ ਵਿਦਿਆਰਥੀਆਂ ਅਤੇ ਲੋਕਾਂ ਨੂੰ ਸਰਬੱਤ ਦੇ ਭਲੇ, ਮਨੁੱਖਤਾ ਅਤੇ ਲੋੜਵੰਦਾਂ ਦੀ ਸੇਵਾ ਦਾ ਸੰਦੇਸ਼ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਮਾਜ ਵਿੱਚੋਂ ਅਨਪੜ੍ਹਤਾ ਦੇ ਹਨੇਰੇ ਨੂੰ ਦੂਰ ਕਰਨ, ਗਿਆਨ ਦੇ ਪ੍ਰਕਾਸ਼ ਅਤੇ ਛੋਟੇ ਬੱਚਿਆਂ ਵਿੱਚ ਪੜ੍ਹਾਈ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਉੱਦਮ ਕੀਤੇ ਜਾ ਰਹੇ ਹਨ। ਉਨ੍ਹਾਂ ਕੜਾਕੇ ਦੀ ਸਰਦੀ ਵਿੱਚ ਲੋੜਵੰਦਾਂ, ਬੇਜ਼ੁਬਾਨ ਪੰਛੀਆਂ ਅਤੇ ਜਾਨਵਰਾਂ ਦੀ ਸੇਵਾ ਸੰਭਾਲ ਬਾਰੇ ਵੀ ਵਿਚਾਰ ਸਾਂਝੇ ਕੀਤੇ।



# ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਤੇ 15 ਲੋਕਾਂ ਦੀ ਹੱਤਿਆ ਦੀ ਸਾਜ਼ਿਸ਼ ਦਾ ਦੋਸ਼ ਮਨਘੜਤ ਤੇ ਰਾਜਨੀਤਕ : ਪ੍ਰੋ. ਸਤਨਾਮ ਕੌਰ

## ਅਦਾਲਤਾਂ ਸਰਕਾਰ ਦੀਆਂ ਸਿਆਸੀ ਚਾਲਾਂ ਨੂੰ ਸਮਝਣ ਅਤੇ ਸਬੂਤਾਂ ਦੇ ਆਧਾਰ ’ਤੇ ਨਿਆਂ ਕਰਨ



**ਪਟਿਆਲਾ, 20 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ 13 ਮੈਂਬਰੀ ਐਗਜ਼ੀਕਿਊਟਿਵ ਕਮੇਟੀ ਦੇ ਮੈਂਬਰ ਅਤੇ ਮੁੱਖ ਬੁਲਾਰੇ ਪ੍ਰੋਫੈਸਰ ਸਤਨਾਮ ਕੌਰ ਜੀ ਵੱਲੋਂ ਭੇਜੇ ਗਏ ਪ੍ਰੈਸ ਨੋਟ ਵਿੱਚ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਹਾਈਕੋਰਟ ਵਿੱਚ ਲਗਭਗ 5000 ਸਫ਼ਿਆਂ ਦੀ ਇਕ ਅਜਿਹੀ ਚਾਰਜਸ਼ੀਟ ਦਾਇਰ ਕੀਤੀ ਹੈ, ਜਿਸਨੂੰ ਉਹ “ਕਾਨੂੰਨੀ ਦਸਤਾਵੇਜ਼” ਦੀ ਬਜਾਏ ਸਿਆਸੀ ਮਨਸੂਬਿਆਂ ਨਾਲ ਭਰਪੂਰ ਇਕ ਪੋਲਿਟੀਕਲ ਡੌਕੂਮੈਂਟ ਕਹਿਣਾ ਠੀਕ ਸਮਝਦੇ ਹਨ। ਇਸ ਵਿੱਚ ਇਹ ਤੱਕ ਦਾਅਵਾ ਕੀਤਾ ਗਿਆ ਹੈ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੇ ਜੇਲ੍ਹ ਵਿੱਚ ਰਹਿੰਦਿਆਂ 15 ਲੋਕਾਂ ਦੀ ਹੱਤਿਆ ਦੀ ਸਾਜ਼ਿਸ਼ ਰਚੀ। ਪ੍ਰੋ. ਸਤਨਾਮ ਕੌਰ ਨੇ ਕਿਹਾ ਕਿ ਇਹ ਦੋਸ਼ ਇੰਨਾ ਬੇਬੁਨਿਆਦ, ਤਰਕਹੀਣ ਹੈ ਕਿ ਇਹ ਖੁਦ ਸਰਕਾਰ ਦੀ ਨੀਅਤ ‘ਤੇ ਸਵਾਲ ਖੜ੍ਹਾ ਕਰਦਾ ਹੈ। ਜੇਲ੍ਹਾਂ ਦਾ ਪੂਰਾ ਪ੍ਰਬੰਧ, ਨਿਗਰਾਨੀ ਪ੍ਰਣਾਲੀ, ਕੈਮਰੇ, ਸਟਾਫ਼ ਅਤੇ ਸੰਚਾਰ ਦੇ ਸਾਰੇ ਸਾਧਨ ਸਰਕਾਰ ਦੇ ਸਿੱਧੇ ਕੰਟਰੋਲ ਹੇਠ ਹੁੰਦੇ ਹਨ। ਐਸੇ ਹਾਲਾਤਾਂ ਵਿੱਚ ਕਿਸੇ ਵੀ ਤਰ੍ਹਾਂ ਦੀ “ਸਾਜ਼ਿਸ਼” ਦੀ ਗੁੰਜਾਇਸ਼ ਹੀ ਨਹੀਂ ਬਣਦੀ। ਜੇ ਸਰਕਾਰ ਖੁਦ ਮੰਨਦੀ ਹੈ ਕਿ ਅਜਿਹਾ ਕੁਝ ਹੋਇਆ, ਤਾਂ ਇਸਦੀ ਨੈਤਿਕ ਅਤੇ ਕਾਨੂੰਨੀ ਜ਼ਿੰਮੇਵਾਰੀ ਵੀ ਸਿੱਧੀ ਤੌਰ ‘ਤੇ ਸਰਕਾਰ ‘ਤੇ ਹੀ ਆਉਂਦੀ ਹੈ। ਉਹਨਾਂ ਕਿਹਾ ਕਿ ਅਸਲ ਵਿੱਚ ਇਹ ਦੋਸ਼ ਭਾਈ ਅੰਮ੍ਰਿਤਪਾਲ ਸਿੰਘ ਦੀ ਛਵੀ ਨੂੰ ਦਾਗ.ਦਾਰ ਕਰਨ ਅਤੇ ਉਨ੍ਹਾਂ ਨੂੰ ਪੈਰੋਲ ਨਾਂ ਦੇਣ ਦੇ ਫੈਸਲੇ ਨੂੰ ਜਾਇਜ਼ ਠਹਿਰਾਉਣ ਲਈ ਘੜੀ ਗਈ ਇਕ ਰਣਨੀਤੀ ਹੈ। ਇਹ ਬਿਆਨ ਸਰਕਾਰ ਦੀ ਘਬਰਾਹਟ, ਡਰ ਅਤੇ ਸੱਚ ਤੋਂ ਭੱਜਣ ਦੀ ਮਨੋਵਿਰਤੀ ਨੂੰ ਸਾਫ਼ ਦਰਸਾਉਂਦਾ ਹੈ, ਕਿਉਂਕਿ ਕਾਨੂੰਨੀ ਤੌਰ ‘ਤੇ ਸਰਕਾਰ ਕੋਲ ਉਨ੍ਹਾਂ ਨੂੰ ਰੋਕਣ ਲਈ ਕੋਈ ਠੋਸ ਆਧਾਰ ਮੌਜੂਦ ਨਹੀਂ। ਪ੍ਰੋ. ਸਤਨਾਮ ਕੌਰ ਨੇ ਅੱਗੇ ਕਿਹਾ ਕਿ ਦੂਜੇ ਪਾਸੇ ਹਾਈਕੋਰਟ ਵੱਲੋਂ ਪੈਰੋਲ ਪਟੀਸ਼ਨ ਦੀ ਸੁਣਵਾਈ ਲਗਾਤਾਰ ਟਾਲੀ ਜਾਣੀ ਅਤੇ ਜਦੋ ਸਰਦ ਰੁੱਤ ਸ਼ੈਸ਼ਨ ਸਮਾਪਤ ਹੋ ਰਿਹਾ ਸੀ ਤੇ ਪਟੀਸ਼ਨ ਨੂੰ ਰੱਦ ਕਰ ਦੇਣਾਂ, ਨਿਆਂਪ੍ਰਣਾਲੀ ਲਈ ਚਿੰਤਾ ਦਾ ਵਿਸ਼ਾ ਹੈ। ਇਸਦਾ ਸਿੱਧਾ ਅਰਥ ਹੈ ਕਿ ਇੱਕ ਚੁਣਿਆ ਹੋਇਆ ਸੰਸਦ ਮੈਂਬਰ ਆਪਣੇ ਸੰਵਿਧਾਨਕ ਅਤੇ ਲੋਕਤੰਤਰਿਕ ਹੱਕ ਸੰਸਦ ਵਿੱਚ ਆਪਣੀ ਆਵਾਜ਼ ਰੱਖਣ ਤੋਂ ਵਾਂਝਾ ਕੀਤਾ ਜਾ ਰਿਹਾ ਹੈ। ਉਹਨਾਂ ਸਵਾਲ ਕੀਤਾ ਕਿ ਜੇ ਅਦਾਲਤਾਂ ਵੀ ਸਰਕਾਰਾਂ ਵੱਲੋਂ ਪੇਸ਼ ਕੀਤੀਆਂ ਗਈਆਂ ਬਿਨਾਂ ਸਬੂਤਾਂ ਵਾਲੀਆਂ ਅਤੇ ਪੱਖਪਾਤੀ ਦਲੀਲਾਂ ਨੂੰ ਆਧਾਰ ਬਣਾ ਕੇ ਮਾਮਲਿਆਂ ਨੂੰ ਲੰਬਾ ਖਿੱਚਦੀਆਂ ਰਹਿਣ, ਤਾਂ ਫਿਰ ਆਮ ਨਾਗਰਿਕ ਨਿਆਂ ਦੀ ਉਮੀਦ ਕਿਸ ਤੋਂ ਕਰੇ। ਲੋਕਤੰਤਰ ਦੀ ਰੱਖਿਆ ਕੌਣ ਕਰੇਗਾ। ਪ੍ਰੋ. ਸਤਨਾਮ ਕੌਰ ਨੇ ਚੇਤਾਵਨੀ ਦਿੱਤੀ ਕਿ ਇਹ ਰੁਝਾਨ ਲੋਕਤੰਤਰ ਲਈ ਖਤਰਨਾਕ ਹੈ ਅਤੇ ਨਿਆਂ ਪ੍ਰਣਾਲੀ ‘ਤੇ ਸਰਕਾਰੀ ਦਖ਼ਲ ਦੇ ਸੰਕੇਤ ਦੇਸ਼ ਦੇ ਭਵਿੱਖ ਲਈ ਗੰਭੀਰ ਨੁਕਸਾਨਦਾਇਕ ਹਨ।

# ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਦਸਤਾਰ ਸਿਖਲਾਈ ਕੈਂਪ 22 ਦਸੰਬਰ ਤੋਂ ਲੈ ਕੇ 28 ਦਸੰਬਰ ਤੱਕ



ਜਗਰਾਉਂ -(ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਮੁੱਖ ਰੱਖਦਿਆਂ ਦਸਤਾਰ ਅਤੇ ਦੁਮਾਲਾ ਸਿਖਲਾਈ ਕੈਂਪ 22 ਦਸੰਬਰ ਤੋਂ ਲੈ ਕੇ 28 ਦਸੰਬਰ ਤੱਕ ਚੱਲੇਗਾ, ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੇ ਪ੍ਰਧਾਨ ਸਰਦਾਰ ਜੋਰਾ ਸਿੰਘ ਰਸੂਲਪੁਰ ਨੇ ਕਿਹਾ ਕਿ ਕੈਂਪ ਵਿੱਚ ਬੱਚਿਆਂ ਨੂੰ ਦਸਤਾਰ ਅਤੇ ਦੁਮਾਲਾ ਬੰਨਣ ਦੀ ਸਿਖਲਾਈ ਕੋਚ ਮਨਪ੍ਰੀਤ ਸਿੰਘ ਮੱਲ੍ਹਾ ਵੱਲੋਂ ਫ੍ਰੀ ਦਿੱਤੀ ਜਾਵੇਗੀ, ਉਨ੍ਹਾਂ ਕਿਹਾ ਕਿ ਕੈਂਪ ਦੇ ਆਖਰੀ ਦਿਨ ਕੈਂਪ ਵਿੱਚ ਦਸਤਾਰ ਅਤੇ ਦੁਮਾਲਾ ਬੰਨਣ ਦੀ ਸਿਖਲਾਈ ਲੈਣ ਵਾਲਿਆਂ ਬੱਚਿਆਂ ਵਿਚਕਾਰ ਦਸਤਾਰ ਮੁਕਾਬਲੇ ਕਰਵਾਏ ਜਾਣਗੇ, ਅਤੇ ਜੇਤੂ ਬੱਚਿਆਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ, ਤੇ ਕੈਂਪ ਵਿੱਚ ਹਿੱਸਾ ਲੈਣ ਵਾਲੀਆਂ ਸਾਰੀਆਂ ਧੀਆਂ ਨੂੰ ਮਾਈ ਭਾਗੋ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ, ਉਨ੍ਹਾਂ ਕਿਹਾ ਕਿ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਇਹ ਉਪਰਾਲਾ ਹਰ ਸਾਲ ਕੀਤਾ ਜਾਂਦਾ ਹੈ ਤਾਂ ਜੋ ਬੱਚੇ ਦਸਤਾਰਾਂ ਸਜਾਉਣ ਦੇ ਨਾਲ ਨਾਲ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਅਤੇ ਬੱਚਿਆਂ ਵਿੱਚ ਬਚਪਨ ਤੋਂ ਹੀ ਸਿੱਖੀ ਪ੍ਰਤੀ ਮੋਹ ਪੈਦਾ ਹੋਵੇ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਕਰਵਾਏ ਮੂਲ ਮੰਤਰ ਤੇ ਵਾਹਿਗੁਰੂ ਜੀ ਦੇ ਜਾਪ



ਫ਼ਿਰੋਜ਼ਪੁਰ, 20 ਦਸੰਬਰ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਸ਼ਹੀਦੀ ਦਿਹਾੜਿਆਂ ਨੂੰ ਲੈ ਕੇ ਸਕੂਲ ਦੀ ਸਭਾ ਵਿਚ ਮੂਲ ਮੰਤਰ ਅਤੇ ਵਾਹਿਗੁਰੂ ਜੀ ਦੇ ਜਾਪ ਕਰਵਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਇਸ ਚੇਅਰਮੈਨ ਵਿਭੋਰ ਸ਼ਰਮਾ, ਜਰਨਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਦੱਸਿਆ ਕਿ ਸਕੂਲ ਵਿੱਚ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਾਤਾ ਮਾਤਾ ਗੁਜਰੀ ਅਤੇ ਉਨ੍ਹਾਂ ਦੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਚੱਲ ਰਹੇ ਸ਼ਹੀਦੀ ਦਿਹਾੜਿਆਂ ਦੇ ਚਲਦਿਆਂ ਸਕੂਲੀ ਬੱਚਿਆਂ ਨੂੰ ਗੁਰੂ ਸਾਹਿਬਾਨ ਦੀਆਂ ਸ਼ਹਾਦਤਾਂ ਤੋਂ ਜਾਣੂ ਕਰਵਾਉਣ ਦੇ ਮਨੋਰਥ ਨਾਲ ਸਕੂਲ ਦੀ ਸਭਾ ਵਿੱਚ ਮੂਲ ਮੰਤਰ ਅਤੇ ਵਾਹਿਗੁਰੂ ਦੇ ਜਾਪ ਪਾਠ ਦਾ ਉਚਾਰਨ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਵਿਦਿਆਰਥੀ, ਅਧਿਆਪਕ ਸਾਹਿਬਾਨ ਅਤੇ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਵੀ ਮੌਜੂਦ ਸਨ ਅਤੇ ਸਾਰਿਆਂ ਨੇ ਮਿਲ ਕੇ ਪਾਠ ਦਾ ਉਚਾਰਨ ਕੀਤਾ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਦੁਆਰਾ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਵੇਰੇ ਸਕੂਲ ਵਿੱਚ ਦਿਨ ਦੀ ਸ਼ੁਰੂਆਤ ਪਾਠ ਦੇ ਉਚਾਰਨ ਨਾਲ ਵਿਦਿਆਰਥੀਆਂ ਵਿੱਚ ਇੱਕ ਨਵਾਂ ਉਤਸ਼ਾਹ ਅਤੇ ਸ਼ਾਂਤੀ ਦੀ ਪ੍ਰਵਿਰਤੀ ਦਾ ਵਿਕਾਸ ਹੁੰਦਾ ਹੈ, ਇੱਕ ਵਿਦਿਆਰਥੀ ਦੇ ਜੀਵਨ ਵਿੱਚ ਇਸ ਦੀ ਬਹੁਤ ਲੋੜ ਹੈ ਅਤੇ ਨਾਲ ਹੀ ਸਾਨੂੰ ਪਰਮਾਤਮਾ ਦੇ ਨੇੜੇ ਹੋਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਰੱਖਿਆ ਲਈ ਆਪਣਾ ਪਰਿਵਾਰ ਵਾਰਨ ਵਾਲੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਸਮੂਹ ਪਰਿਵਾਰ ਨੂੰ ਅਸੀਂ ਸਭ ਲਈ ਪ੍ਰੇਰਣਾ ਸਰੋਤ ਮੰਨਦੇ ਹਾਂ ਅਤੇ ਮਨੁੱਖਤਾ ਦੀ ਸੇਵਾ ਕਰਨਾ ਸਾਡਾ ਸਾਰਿਆਂ ਦਾ ਪਹਿਲਾ ਕਰਤੱਵ ਹੋਣਾ ਚਾਹੀਦਾ ਹੈ।

### ਸਰਦਾਰਨੀ ਸੁਖਵਿੰਦਰ ਕੌਰ ਰੰਧਾਵਾ ਚੰਨਣਕੇ ਦੇ ਨਮਿੱਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਹੋਇਆ








ਚੌਕ ਮਹਿਤਾ, ,19 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਸਾਬਕਾ ਸਰਪੰਚ ਕਸ਼ਮੀਰ ਸਿੰਘ ਰੰਧਾਵਾ ਚੰਨਣਕੇ ਦੀ ਧਰਮ ਪਤਨੀ ਸਰਦਾਰਨੀ ਸੁਖਵਿੰਦਰ ਕੌਰ ਰੰਧਾਵਾ ਚੰਨਣਕੇ ਦੇ ਨਮਿੱਤ ਆਰੰਭ ਕੀਤੇ ਗਏ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਬਾਬਾ ਸੁਖਵੰਤ ਸਿੰਘ ਚੰਨਣਕੇ ਜਥੇ ਨੇ ਵੈਰਾਗਮਈ ਕੀਰਤਨ ਅਤੇ ਕਥਾ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਗਈ। ਉਪਰੰਤ ਕਾਂਗਰਸ ਪਾਰਟੀ ਦੇ ਜਿਲ੍ਹਾ ਪ੍ਰਧਾਨ ਭਗਵੰਤਪਾਲ ਸਿੰਘ ਸੱਚਰ ਨੇ ਸਰਦਾਰਨੀ ਸੁਖਵਿੰਦਰ ਕੌਰ ਰੰਧਾਵਾ ਚੰਨਣਕੇ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਬੋਪਾਰਾਏ ਵਾਲਿਆਂ ਨੇ ਬੀਬੀ ਸੁਖਵਿੰਦਰ ਕੌਰ ਦੇ ਵੱਡੇ ਸਪੁੱਤਰ ਰਛਪਾਲ ਸਿੰਘ ਸੋਨਾ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ, ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਭਗਵੰਤਪਾਲ ਸਿੰਘ ਸੱਚਰ, ਸਾਬਕਾ ਚੇਅਰਮੈਨ ਗੁਰਮੀਤ ਸਿੰਘ ਰਾਜੂ ਭੀਲੋਵਾਲ, ਹੀਰਾ ਸਿੰਘ ਯੂ ਐਸ ਏ, ਪ੍ਰਿੰਸੀਪਲ ਸ਼ਿਵਚਰਨ ਸਿੰਘ ਰੰਧਾਵਾ ਪ੍ਰਧਾਨ ਗੁਰਦੁਆਰਾ ਨਾਥ ਦੀ ਖੂਹੀ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ ਜੌਲੀ ਭੋਏਵਾਲ, ਸਾਬਕਾ ਸਰਪੰਚ ਪ੍ਰਗਟ ਸਿੰਘ ਚੰਨਣਕੇ, ਸਾਬਕਾ ਸਰਪੰਚ ਦਵਿੰਦਰ ਸਿੰਘ ਰੰਧਾਵਾ, ਮੈਂਬਰ ਸਰਬਜੀਤ ਸਿੰਘ ਸੱਦਾ, ਗੁਰਮੀਤ ਸਿੰਘ ਮਾਨ ਨਾਥ ਦੀ ਖੂਹੀ, ਸਾਬਕਾ ਸਰਪੰਚ ਦਵਿੰਦਰ ਸਿੰਘ ਨਵਾਂ ਚੰਨਣਕੇ, ਮੈਂਬਰ ਸ਼ਕਤੀ ਸਿੰਘ, ਸਰਪੰਚ ਕੁਲਵਿੰਦਰ ਸਿੰਘ ਮਿਠਾ ਚੰਨਣਕੇ, ਸਰਪੰਚ ਲਖਵਿੰਦਰ ਸਿੰਘ ਨਾਥ ਦੀ ਖੂਹੀ, ਰਣਜੀਤ ਸਿੰਘ ਰਾਣਾ ਬਾਬੋਵਾਲ, ਬਾਬਾ ਬਲਰਾਜ ਸਿੰਘ ਬੁਲਰਾਈਆ ਰਾਜਾ, ਬਾਬਾ ਸੁਖਚੈਨ ਸਿੰਘ ਹੈਂਡ ਗ੍ਰੰਥੀ ਬਾਬਾ ਬੁੱਢਾ ਸਾਹਿਬ ਜੀ ਚੰਨਣਕੇ, ਸੂਬੇਦਾਰ ਬਲਵਿੰਦਰ ਸਿੰਘ, ਸੁਲਖੱਣ ਸਿੰਘ, ਸੂਬੇਦਾਰ ਪਵਿੱਤਰ ਸਿੰਘ, ਦਰਸ਼ਨ ਸਿੰਘ, ਜੈਲਦਾਰ ਹਰਿਦਿਆਲ ਸਿੰਘ, ਜਸਵੰਤ ਸਿੰਘ ਗਿੱਲ, ਸੰਤੋਖ ਸਿੰਘ ਜੋਨੀ, ਜੁਗਰਾਜ ਸਿੰਘ, ਹੀਰਾ ਸਿੰਘ , ਸਰਪੰਚ ਨਿਰਮਲ ਸਿੰਘ ਭਲਾਈਪੁਰ, ਗੁਰਭਿੰਦਰ ਸਿੰਘ ਪੱਡਾ, ਰਣਧੀਰ ਸਿੰਘ ਡੀ ਐਫ ਉ, ਗੁਰਵਿੰਦਰ ਸਿੰਘ ਗਿੱਲ, ਸਿੰਘ ਕਾਮਰੇਡ, ਆਦਿ ਰਿਸ਼ਤੇਦਾਰ ਅਤੇ ਇਲਾਕੇ ਦੀਆਂ ਬਹੁਤ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀਆਂ ਭਰੀਆਂ।

### ਵਿਸ਼ੇਸ਼ ਤੌਰ ਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਨੇ ਹਾਜ਼ਰੀਆਂ ਭਰੀਆਂ

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਜੋਗਾ ਸਿੰਘ ਨੇ ਗਾਇਕ ਮਨਜੀਤ ਪੱਪੂ ਦਾ ਧਾਰਮਿਕ ਗੀਤ "ਵਾਰ ਬਾਬਾ ਜੀਵਨ ਸਿੰਘ" ਸੰਗਤਾਂ ਨੂੰ ਅਰਪਿਤ ਕੀਤਾ



**ਚੌਕ ਮਹਿਤਾ, 20 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਅੱਜ ਇੱਥੇ ਪੋਹ ਦੇ ਮਹੀਨੇ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ । ਇਸ ਮੌਕੇ ਗਾਇਕ ਮਨਜੀਤ ਪੱਪੂ ਦੀ ਅਵਾਜ਼ ਵਿੱਚ ਗਾਇਆ ਅਤੇ ਗੀਕਤਾਰ ਸੱਤਾ ਕੋਟਲੀ ਵਾਲੇ ਦਾ ਲਿਖਿਆ ਧਾਰਮਿਕ ਗੀਤ "ਵਾਰ ਬਾਬਾ ਜੀਵਨ ਸਿੰਘ" ਨੂੰ ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ 16ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਨੇ ਸੰਗਤਾਂ ਦੇ ਅਰਪਿਤ ਕੀਤਾ । ਇਸ ਮੌਕੇ ਸਿੰਘ ਸਾਹਿਬ ਬਾਬਾ ਜੋਗਾ ਸਿੰਘ ਨੇ ਪੋਹ ਦੇ ਮਹੀਨੇ ਵਿੱਚ ਚਾਰੇ ਸਾਹਿਬਜਾਦਿਆਂ, ਮਾਤਾ ਗੁਜਰੀ ਜੀ, ਬਾਬਾ ਜੀਵਨ ਸਿੰਘ ਅਤੇ ਪੋਹ ਦੇ ਮਹੀਨੇ ਦੇ ਸਮੂਹ ਸ਼ਹੀਦਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਕਿਹਾ ਕਿ ਸਾਡਾ ਸਿਰ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਅੱਗੇ ਝੁਕਦਾ ਹੈ । ਉਨ੍ਹਾਂ ਕਿਹਾ ਕਿ ਅਜਿਹੇ ਸ਼ਹੀਦੀ ਨੂੰ ਸਮਰਪਿਤ ਦਿਨਾਂ ਵਿੱਚ ਅਜਿਹੇ ਧਾਰਮਿਕ ਗੀਤਾਂ ਦੀ ਪੇਸ਼ਕਾਰੀ ਭਾਵੁਕ ਕਾਰਜ ਹਨ । ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲੰਦਿਰਜੀਤ ਸਿੰਘ ਰਾਜਨ ਅਤੇ ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ ਨੇ ਕਿਹਾ ਕਿ ਗਾਇਕ ਮਨਜੀਤ ਪੱਪੂ ਅਤੇ ਸੱਤਾ ਕੋਟਲੀ ਵਾਲਾ ਵੱਲੋਂ ਧਾਰਮਿਕ ਗੀਤ "ਵਾਰ ਬਾਬਾ ਜੀਵਨ ਸਿੰਘ" ਨਾਲ ਸ਼ਹੀਦਾਂ ਨੂੰ ਨਮਨ ਕੀਤਾ ਹੈ ਅਤੇ ਅਸੀਂ ਅੱਜ ਇਨ੍ਹਾਂ ਮਹਾਨ ਸ਼ਹੀਦਾਂ ਨੂੰ ਸਿਜਦਾ ਕਰਦੇ ਹਾਂ । ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ (ਮਹਿਲਾ ਵਿੰਗ) ਮੈਡਮ ਸੁਖਵੰਤ ਕੌਰ ਵੱਸੀ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਗਾਇਕ ਗੁਰਮੇਜ ਸਿੰਘ ਸਹੋਤਾ, ਮਾ: ਬਲਬੀਰ ਸਿੰਘ ਬੀਰ, ਗੁਰੂ ਕੇ ਬੇਟੇ ਸਮਾਜ ਸੁਧਾਰ ਮਿਸ਼ਨਮ ਦੇ ਮੁਖੀ ਸੂਬੇਦਾਰ ਹਰਜੀਤ ਸਿੰਘ, ਬਲਵਿੰਦਰ ਸਿੰਘ ਅਠੌਲਾ, ਪਰਮਜੀਤ ਸਿੰਘ, ਮਕਾਰੋ ਸਿੰਘ, ਸੰਨਪ੍ਰੀਤ ਸਿੰਘ, ਬਲਜਿੰਦਰ ਸਿੰਘ ਗਹਿਰੀ, ਜ: ਜਰਨੈਲ ਸਿੰਘ ਚੀਮਾਂਬਾਠ, ਪ੍ਰਿੰਸੀਪਲ ਦਿਲਬਾਗ ਸਿੰਘ ਭੁੱਲਰ, ਅੰਮ੍ਰਿਤਪਾਲ ਸਿੰਘ ਚੀਮਾਂਬਾਠ ਅਤੇ ਹੋਰ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਦਸਮ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਰਿਹਾਇਸ਼ ਦਾ ਕੀਤਾ ਗਿਆ ਨਿਰੀਖਣ



ਨਵੀਂ ਦਿੱਲੀ 20 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਤਖ਼ਤ ਪਟਨਾ ਸਾਹਿਬ ਵਿੱਚ 25 ਤੋਂ 27 ਦਸੰਬਰ ਤੱਕ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦਾ 359ਵਾਂ ਪ੍ਰਕਾਸ਼ ਪੁਰਬ ਮਨਾਇਆ ਜਾਣਾ ਹੈ, ਜਿਸ ਨੂੰ ਧਿਆਨ ਵਿੱਚ ਰੱਖਦਿਆਂ ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਜ਼ੋਰ-ਸ਼ੋਰ ਨਾਲ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧ ਵਿੱਚ ਅੱਜ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਦੀਆਂ ਸੁਵਿਧਾਵਾਂ ਲਈ ਰਿਹਾਇਸ਼ ਸਥਲ ਮਾਲਸਲਾਮੀ ਸਥਿਤ ਓ. ਪੀ. ਸ਼ਾਹ ਭਵਨ ਅਤੇ ਪਟਨਾ ਸਾਹਿਬ ਭਵਨ ਵਿੱਚ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਜੀ, ਜਨਰਲ ਸਕੱਤਰ ਇੰਦਰਜੀਤ ਸਿੰਘ ਜੀ, ਸੀਨੀਅਰ ਮੀਤ -ਪ੍ਰਧਾਨ ਲਖਵਿੰਦਰ ਸਿੰਘ, ਮੀਤ ਪ੍ਰਧਾਨ ਗੁਰਵਿੰਦਰ ਸਿੰਘ ਅਤੇ ਸੁਮਿਤ ਸਿੰਘ ਕਲਸੀ ਵੱਲੋਂ ਨਿਰੀਖਣ ਕੀਤਾ ਗਿਆ। ਸਰਦਾਰ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਮੌਕੇ ਲੱਖਾਂ ਦੀ ਗਿਣਤੀ ਵਿੱਚ ਸੰਗਤ ਦੇ ਪਹੁੰਚਣ ਦੀ ਉਮੀਦ ਹੈ, ਜਿਸ ਲਈ ਕਮੇਟੀ ਵੱਲੋਂ ਪੂਰੀ ਤਿਆਰੀ ਕਰ ਲਈ ਗਈ ਹੈ। ਸਰਕਾਰ ਦੇ ਸਹਿਯੋਗ ਨਾਲ ਵੀ ਕਈ ਰਿਹਾਇਸ਼ੀ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਿੱਥੇ ਸੰਗਤ ਦੇ ਠਹਿਰਾਉ ਦੀ ਵਿਵਸਥਾ ਕੀਤੀ ਜਾ ਰਹੀ ਹੈ। ਕਾਰ ਸੇਵਾ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਅਤੇ ਹੋਰ ਕਈ ਸੰਸਥਾਵਾਂ ਵੱਲੋਂ ਲੰਗਰ ਦੀ ਵਿਵਸਥਾ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਰਿਹਾਇਸ਼ ਲਈ ਇੱਕ ਟੋਲ-ਫ੍ਰੀ ਨੰਬਰ ਵੀ ਜਾਰੀ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਨੂੰ ਚਾਰੋ ਸਾਹਿਬਜ਼ਾਦਿਆਂ ਦੀਆਂ ਦਿੱਤੀਆਂ ਕੁਰਬਾਨੀਆਂ ਕਦੇ ਵੀ ਭੁਲਾਈ ਨਹੀਂ ਜਾ ਸਕਦੀ



ਫ਼ਿਰੋਜ਼ਪੁਰ, 20 ਦਸੰਬਰ (ਮਨੋਹਰ ਲਾਲ) :— ਸਾਨੂੰ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਚਾਰ ਲਾਲਾ ਅਤੇ ਮਾਤਾ ਗੁਜਰ ਕੌਰ ਅਤੇ ਪੋਹ ਮਹੀਨੇ ਵਿਚ ਅਨੇਕਾਂ ਸ਼ਹੀਦਾਂ ਨੇ ਦਿੱਤੀਆਂ ਹੋਈਆਂ ਕੁਰਬਾਨੀਆਂ ਕਦੇ ਵੀ ਭੁਲਾਈ ਨਹੀਂ ਜਾ ਸਕਦੀ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਗੁਰਦੁਆਰਾ ਠਾਠਨਾਨਕਸਰ ਛਾਂਗਾ ਖੁਰਦ ਵਿਖੇ ਪਹਿਲੀ ਪੋਹ ਤੋਂ ਲੈ ਕੇ 15 ਪੋਹ ਤੱਕ ਚੱਲ ਰਹੇ ਰਾਤ ਦੇ ਦੀਵਾਨ ਅਤੇ ਸੁਖਮਣੀ ਸਾਹਿਬ ਜੀ ਦੇ ਭੋਗ ਉਪਰੰਤ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਥਾ ਕਰਦਿਆਂ ਆਖਿਆ ਕਿ ਪੋਹ ਮਹੀਨਾ ਸਾਰਾ ਹੀ ਕੁਰਬਾਨੀਆਂ ਨਾਲ ਭਰਿਆ ਹੈ, ਪਰ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਸਾਰਾ ਪਰਿਵਾਰ ਇਕ ਹਫਤਾ ਯਾਨੀ 6 ਪੋਹ ਤੋਂ ਲੈ ਕੇ 13 ਪੋਹ ਤੱਕ ਸ਼ਹੀਦ ਕਰ ਦਿੱਤਾ, ਇਸ ਦੇ ਨਾਲ ਹੀ ਅਨੇਕਾਂ ਸ਼ਹੀਦ ਚਮਕੌਰ ਦੀ ਜੰਗ ਮੈਦਾਨ ਵਿਚ ਸ਼ਹੀਦ ਹੋ ਗਏ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਦੱਸਿਆ ਕਿ 6 ਪੋਹ ਨੂੰ ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਅਤੇ ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ ਤੇ ਹਮਲਾ ਕਰ ਦਿੱਤਾ ਸੀ, ਪਰ ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ, ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ, ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇਨ੍ਹਾਂ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਣ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ ਅਤੇ ਮਾਤਾ ਗੁਜਰ ਕੌਰ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸ ਨੇ ਸਰਹਿੰਦ ਦੇ ਨਵਾਬ ਵਜੀਰ ਖਾਨ ਨੂੰ ਇਸ ਦੀ ਸੂਚਨਾ ਨਾ ਦਿੱਤੀ, ਫਿਰ ਵਜੀਰ ਖਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਸਾਰਾ ਪੋਹ ਦਾ ਮਹੀਨਾ ਮੂਲ ਮੰਤਰ ਜਜਬੀ ਸਾਹਿਬ, ਸੁਖਮਣੀ ਸਾਹਿਬ ਜੀ ਦੇ ਵੱਧ ਤੋਂ ਵੱਧ ਪਾਠ ਕਰੋ ਤਾਂ ਜੋ ਤੁਹਾਨੂੰ ਵੱਧ ਤੋਂ ਵੱਧ ਗੁਰੂ ਸਾਹਿਬ ਜੀ ਦੀਆਂ ਬਰਕਤਾਂ ਮਿਲ ਸਕਣ। ਇਸ ਮੌਕੇ ਤੇ ਚਾਹ ਦਾ ਲੰਗਰ, ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

-ਕਿਸਾਨ ਸਰਕਾਰ ਵੱਲੋਂ ਚਲਾਈਆਂ ਜਾਂਦੀਆਂ ਭਲਾਈ ਸਕੀਮਾਂ ਦਾ ਲਾਭ ਜ਼ਰੂਰ ਉਠਾਉਣ : ਢਿੱਲੋਂ ਅਤੇ ਘੁੱਲੀ

# ਕਿਸਾਨ ਆਮਦਨ ਵਧਾਉਣ ਖੇਤੀ ਪਦਾਰਥਾਂ ਦੀ ਪ੍ਰੋਸੈਸਿੰਗ ਵੱਲ ਅੱਗੇ ਵਧਣ : ਡਿਪਟੀ ਕਮਿਸ਼ਨਰ



**ਧੂਰੀ/ਸੰਗਰੂਰ ( ਰਣਜੀਤ ਸਿੰਘ ਪੇਧਨੀ)** - ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਸਬੰਧੀ ਜਾਣਕਾਰੀ ਦੇਣ ਲਈ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਪ੍ਰਦਰਸ਼ਨੀ ਧੂਰੀ ਵੀ ਲਗਾਈ ਗਈ। ਇਸ ਕੈਂਪ ਵਿੱਚ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਵੱਲੋਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਕੈਂਪ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੈਂਪ ਵਿੱਚ ਸ਼ਮੂਲੀਅਤ ਕਰ ਰਹੇ ਕਿਸਾਨਾਂ ਨੂੰ ਸਰਕਾਰ ਦੀਆਂ ਸਕੀਮਾਂ ਦਾ ਲਾਭ ਉਠਾਉਣ ਦਾ ਸੱਦਾ ਦਿੱਤਾ। ਕੈਂਪ ਦਾ ਉਦਘਾਟਨ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਵੱਲੋਂ ਕੀਤਾ ਗਿਆ। ਕੈਂਪ ਦੀ ਪ੍ਰਧਾਨਗੀ ਡਾ: ਜਸਵੰਤ ਸਿੰਘ ਡਾਇਰੈਕਟਰ ਖੇਤੀਬਾੜੀ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਕੀਤੀ ਗਈ ਅਤੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਡਾ. ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕਿਟ ਕਮੇਟੀ ਧੂਰੀ, ਡਾ. ਕਰਨਜੀਤ ਸਿੰਘ ਗਿੱਲ ਸੰਯੁਕਤ ਡਾਇਰੈਕਟਰ ਖੇਤੀਬਾੜੀ (ਵਿ ਅਤੇ ਸਿ) ਅਰੁਣ ਕੁਮਾਰ ਮਾਨਯੋਗ ਸੰਯੁਕਤ ਡਾਇਰੈਕਟਰ ਖੇਤੀਬਾੜੀ (ਹ ਜ) ਵੱਲੋਂ ਕੀਤੀ ਗਈ। ਚੇਅਰਮੈਨ ਦਲਬੀਰ ਸਿੰਘ ਢਿੱਲੋਂ ਅਤੇ ਚੇਅਰਮੇਨ ਘੁੱਲੀ ਨੇ ਕਿਸਾਨਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨਾਂ ਵੱਲੋਂ ਖੇਤੀ ਮਾਹਿਰਾਂ ਦੁਆਰਾ ਦੱਸੀਆਂ ਸਿਫ਼ਾਰਸ਼ਾਂ ਤੇ ਅਮਲ ਕੀਤਾ ਜਾਵੇ ਤੇ ਖੇਤੀ ਦੇ ਨਾਲ ਨਾਲ ਸਹਾਇਕ ਧੰਦੇ ਜਿਵੇਂ ਮਧੂ ਮੱਖੀ ਪਾਲਣ, ਪਸ਼ੂ ਪਾਲਣ, ਮੱਛੀ ਪਾਲਣ, ਮੁਰਗ਼ੀ ਪਾਲਣ, ਡੇਅਰੀ, ਬਾਗ਼ਬਾਨੀ, ਫੁੱਲਾਂ ਦੀ ਕਾਸ਼ਤ ਆਦਿ ਅਪਣਾਏ ਜਾਣ ਤਾਂ ਕਿ ਵੱਧ ਆਮਦਨ ਲਈ ਜਾ ਸਕੇ। ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਕੈਂਪ ਦਾ ਉਦਘਾਟਨ ਕੀਤਾ ਅਤੇ ਕੈਂਪ ਵਿੱਚ ਸ਼ਾਮਲ ਵੱਖ ਵੱਖ ਸੈੱਲਫ਼ ਹੈਲਪ ਗਰੁੱਪਾਂ, ਕੋਆਪਰੇਟਿਵ ਸੋਸਾਇਟੀਜ਼ ਅਤੇ ਅਗਾਂਹਵਧੂ ਕਿਸਾਨਾਂ ਨੂੰ ਖੇਤੀ ਦੇ ਨਾਲ ਨਾਲ ਖੇਤੀ ਪਦਾਰਥਾਂ ਦੀ ਪ੍ਰੋਸੈਸਿੰਗ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਤੀ ਆਮਦਨ ਵਿੱਚ ਵਾਧਾ ਕਰਨ ਲਈ ਪ੍ਰੋਸੈਸਿੰਗ ਦੇ ਨਾਲ ਨਾਲ ਮਾਰਕੀਟਿੰਗ ਸਕਿੱਲ ਵਿੱਚ ਵਾਧਾ ਕਰਨਾ ਅਤਿ ਜ਼ਰੂਰੀ ਹੈ। ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਧੂਰੀ ਰਾਜਵੰਤ ਸਿੰਘ ਘੁੱਲੀ, ਐਸ ਡੀ ਐਮ ਧੂਰੀ ਰਿਸ਼ਵ ਬਾਂਸਲ, ਡਾਇਰੈਕਟਰ ਸ਼ੂਗਰ ਫੈਡ ਜਸਪਾਲ ਸਿੰਘ ਭੁੱਲਰ, ਡਾਇਰੈਕਟਰ ਅਨਿਲ ਮਿੱਤਲ, ਨਰੇਸ਼ ਸਿੰਗਲਾ ਅਤੇ ਹਰਿੰਦਰ ਸਿੰਘ ਵੱਲੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ। ਇਸ ਕੈਂਪ ਵਿੱਚ ਡਾ: ਕਰਨਜੀਤ ਸਿੰਘ ਗਿੱਲ ਸੰਯੁਕਤ ਡਾਇਰੈਕਟਰ ਖੇਤੀਬਾੜੀ (ਵਿ ਅਤੇ ਸਿ) ਨੇ ਕਿਸਾਨਾਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਹਾੜੀ 2025 ਲਈ ਖਾਦਾਂ, ਬੀਜਾਂ ਅਤੇ ਕੀੜੇਮਾਰ ਦਵਾਈਆਂ ਦੇ ਸਰਕਾਰ ਵੱਲੋਂ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਅਤੇ ਬਿਜਾਈ ਸਮੇਂ ਕਿਸੇ ਵੀ ਖੇਤੀ ਇਨਪੁਟਸ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਅੱਜ ਦੀ ਖੇਤੀ ਬਹੁਤ ਹੀ ਸੂਝਬੂਝ ਦੀ ਖੇਤੀ ਹੈ। ਲਾਹੇਵੰਦ ਅਤੇ ਮਿਆਰੀ ਉਪਜ ਪ੍ਰਾਪਤ ਕਰਨ ਲਈ ਤਕਨੀਕੀ ਗਿਆਨ ਅਤੇ ਨਵੀਂਆਂ ਤਕਨੀਕਾਂ ਨਾਲ ਹਾਈਟੈੱਕ ਖੇਤੀ ਕਰਨੀ ਪੈਣੀ ਹੈ ਜਿਸ ਲਈ ਵਿਭਾਗ ਵੱਲੋਂ ਸਮੇਂ ਸਮੇਂ ਸਿਰ ਲਗਾਏ ਜਾਂਦੇ ਕਿਸਾਨ ਸਿਖਲਾਈ ਕੈਂਪਾਂ ਵਿੱਚ ਭਾਗ ਲੈਣਾ ਚਾਹੀਦਾ ਹੈ। ਫ਼ਸਲਾਂ ਤੋਂ ਵੱਧ ਝਾੜ ਲੈਣ ਦੇ ਨਾਲ ਨਾਲ ਸਾਨੂੰ ਕੁਦਰਤੀ ਸਾਧਨ ਜਿਵੇਂ ਕਿ ਵਾਤਾਵਰਣ ਜ਼ਮੀਨ ਅਤੇ ਪਾਣੀ ਦੀ ਸੰਭਾਲ ਤੇ ਸੁਚੱਜੀ ਵਰਤੋਂ ਹਰ ਸੰਭਵ ਕੋਸ਼ਿਸ਼ਾਂ ਕਰਨੀ ਚਾਹੀਦੀ ਹੈ।

ਡਾ: ਅਰੁਣ ਕੁਮਾਰ ਸੰਯੁਕਤ ਡਾਇਰੈਕਟਰ ਖੇਤੀਬਾੜੀ (ਹਜ) ਨੇ ਦੱਸਿਆ ਕਿ ਜਲਦੀ ਹੀ ਪੰਜਾਬ ਸਰਕਾਰ ਵੱਲੋਂ ਫ਼ਸਲੀ ਵਿਭਿੰਨਤਾ ਤਹਿਤ ਤਜਵੀਜ਼ ਬਣਾ ਕੇ ਭਾਰਤ ਸਰਕਾਰ ਨੂੰ ਭੇਜੀ ਜਾ ਰਹੀ ਹੈ ਜਿਸ ਤਹਿਤ ਵਧੀਆ ਮੰਡੀਕਰਨ ਤੇ ਕਿਸਾਨਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਫ਼ਸਲੀ ਵਿਭਿੰਨਤਾ ਵਾਲੀਆਂ ਫ਼ਸਲਾਂ ਬੀਜਣ ਵਾਲੇ ਕਿਸਾਨਾਂ ਲਈ ਆਤਮਾ ਸਕੀਮ ਤਹਿਤ ਕਿਸਾਨ ਹੱਟ ਖੋਲ੍ਹੀਆਂ ਜਾ ਰਹੀਆਂ ਹਨ ਜਿੱਥੇ ਕਿਸਾਨ ਆਪਣੀ ਉਪਜ ਸਿੱਧੇ ਤੌਰ ਤੇ ਖਪਤਕਾਰ ਨੂੰ ਵੇਚ ਕੇ ਲਾਭ ਲੈ ਸਕਦਾ ਹੈ। ਇਸੇ ਤਰ੍ਹਾਂ ਜੇ ਕੋਈ ਕਿਸਾਨ ਐਕਸਪੋਜਰ ਵਿਜਿਟ ਤੇ ਜਾਣਾ ਚਾਹੁੰਦਾ ਹੋਵੇ ਤਾਂ ਸਬੰਧਤ ਖੇਤੀਬਾੜੀ ਦਫ਼ਤਰ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਖੇਤੀਬਾੜੀ ਅਫ਼ਸਰ ਡਾ. ਧਰਮਿੰਦਰਜੀਤ ਸਿੰਘ ਸਿੱਧੂ ਵੱਲੋਂ ਵਿਭਾਗ ਵੱਲੋਂ ਕੀਤੀ ਜਾ ਰਹੀ ਕਾਰਗੁਜ਼ਾਰੀ ਬਾਰੇ ਸੰਖੇਪ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਇਹ ਦੀ ਅਪੀਲ ਕੀਤੀ ਕਿ ਫ਼ਸਲਾਂ ਦੀ ਰਹਿੰਦ ਖੂੰਹਦ ਦੇ ਯੋਗ ਪ੍ਰਬੰਧਨ ਕਰਕੇ ਜਿੱਥੇ ਧਰਤੀ ਦੀ ਉਪਜਾਊ ਸ਼ਕਤੀ ਵਧੇਗੀ ਉੱਥੇ ਪ੍ਰਦੂਸ਼ਣ ਘਟਾਉਣ 'ਚ ਵੀ ਸਹਾਈ ਹੋਵੇਗਾ ਤੇ ਜ਼ਮੀਨ ਦੀ ਸਿਹਤ ਸੁਧਾਰ ਵਿੱਚ ਵਾਧਾ ਹੋਵੇਗਾ। ਖਾਦਾਂ ਦੀ ਵਰਤੋਂ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਦੇ ਹੋਏ ਦੱਸਿਆ ਕਿ ਜ਼ਿਲ੍ਹੇ ਵਿੱਚ ਚੱਲ ਰਹੀ ਤੋਂ ਪਰਖ ਪ੍ਰਯੋਗਸ਼ਾਲਾ ਸੰਗਰੂਰ ਵਿਚੋਂ ਮਿੱਟੀ ਟੈੱਸਟ ਕਰਾਉਣ ਉਪਰੰਤ ਹੀ ਰਿਪੋਰਟ ਦੇ ਅਧਾਰ ਤੇ ਜ਼ਰੂਰਤ ਅਨੁਸਾਰ ਖਾਦਾਂ ਦੀ ਵਰਤੋਂ ਕੀਤੀ ਜਾਵੇ ਤਾਂਕਿ ਵਾਧੂ ਖ਼ਰਚਿਆਂ ਤੋਂ ਬਚਿਆ ਜਾ ਸਕੇ।

ਡਾ: ਅਮਰਜੀਤ ਸਿੰਘ ਖੇਤੀਬਾੜੀ ਅਫ਼ਸਰ ਸੰਗਰੂਰ ਵੱਲੋਂ ਮੰਚ ਦਾ ਸਫਲ ਸੰਚਾਲਨ ਕੀਤਾ ਅਤੇ ਨਾਲ ਹੀ ਨਾਲ ਉਨ੍ਹਾਂ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਕਿਸੇ ਦੀ ਖੇਤੀ ਇਨਪੁਟਸ ਜਿਵੇਂ ਬੀਜ, ਖਾਦ, ਕੀੜੇਮਾਰ ਦਵਾਈਆਂ ਦੀ ਖਰੀਦ ਸਮੇਂ ਵਿਕਰੇਤਾ ਪਾਸੋਂ ਪੱਕਾ ਬਿਲ ਜ਼ਰੂਰ ਲਿਆ ਜਾਵੇ ਤਾਂ ਕਿ ਬਾਦ ਵਿੱਚ ਕੋਈ ਮੁਸ਼ਕਲ ਨਾ ਆਏ। ਪਾਣੀ ਦੀ ਬੱਚਤ ਅਤੇ ਖੇਤੀ ਖਰਚ ਘਟਾਉਣ ਦੇ ਮੰਤਰ ਨਾਲ ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਪਨੀਰੀ ਦੀ ਲਵਾਈ ਅਤੇ ਬਿਜਾਈ ਸਰਕਾਰ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ ਅਨੁਸਾਰ ਕਰਨ ਲਈ ਪ੍ਰੇਰਿਤ ਕੀਤਾ।

ਤਕਨੀਕੀ ਸੈਸ਼ਨ ਦੌਰਾਨ ਪੀਏਯੂ ਤੇ ਖੇਤੀ ਵਿਭਾਗ ਦੇ ਮਾਹਿਰਾਂ ਵੱਲੋਂ ਭਰਪੂਰ ਜਾਣਕਾਰੀ ਦਿੱਤੀ ਗਈ ਜਿਨ੍ਹਾਂ ਵਿੱਚ ਕੇ ਵੀ ਕੇ ਤੋਂ ਡਾ. ਮਨਦੀਪ ਸਿੰਘ ਇੰਚਾਰਜ ਕੇ ਵੀ ਕੇ ਖੇੜੀ ਵੱਲੋਂ ਕੇ ਵੀ ਕੇ ਵੱਲੋਂ ਸਮੇਂ ਸਮੇਂ ਤੇ ਚਲਾਈਆਂ ਜਾਣ ਵਾਲੀਆਂ ਟ੍ਰੇਨਿੰਗਾਂ ਅਤੇ ਸੁਧਰੇ ਬੀਜਾਂ ਦੀਆਂ ਮਹੱਤਤਾ ਬਾਰੇ ਦੱਸਿਆ। ਡਾ:ਗੁਰਵੀਰ ਕੌਰ ਨੇ ਹਾੜੀ ਦੀਆਂ ਫ਼ਸਲਾਂ ਤੇ ਕੀੜੇ ਮਕੌੜਿਆਂ ਤੇ ਬਿਮਾਰੀਆਂ ਤੋਂ ਬਚਾਅ ਬਾਰੇ, ਡਾ: ਸੁਨੀਲ ਕੁਮਾਰ ਵੱਲੋਂ ਖੇਤੀ ਮਸ਼ੀਨਰੀ ਦੀ ਸਾਂਭ ਸੰਭਾਲ ਅਤੇ ਸੁਚੱਜੀ ਵਰਤੋਂ ਅਤੇ ਡਾ. ਰੁਕਿੰਦਰਪ੍ਰੀਤ ਸਿੰਘ ਧਾਲੀਵਾਲ ਨੇ ਹਾੜੀ ਦੀਆਂ ਫ਼ਸਲਾਂ ਲਈ ਸੁਧਰੇ ਬੀਜਾਂ ਅਤੇ ਖੇਡ ਦੇ ਕਾਸ਼ਤਕਾਰੀ ਢੰਗਾਂ ਬਾਰੇ ਫਾਰਮ ਸਲਾਹਕਾਰ ਸੇਵਾ ਕੇਂਦਰ ਤੋਂ ਸਹਾਇਕ ਪ੍ਰੋਫੈਸਰ ਡਾ:ਅਸ਼ੋਕ ਕੁਮਾਰ ਨੇ ਮਿੱਟੀ/ਪਾਣੀ ਪਰਖ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਵੱਖ ਵੱਖ ਸਰਕਾਰੀ ਵਿਭਾਗਾਂ ਵੱਲੋਂ ਪ੍ਰਭਾਵਸ਼ਾਲੀ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ। ਕੈਂਪ ਵਿੱਚ ਕਿਸਾਨਾਂ ਦੀਆਂ ਸਮੱਸਿਆਵਾਂ ਤੇ ਪ੍ਰਸ਼ਨਾਂ ਦੇ ਢੁਕਵੇਂ ਜਵਾਬ ਮਾਹਿਰਾਂ ਵੱਲੋਂ ਮੌਕੇ ਤੇ ਦਿੱਤੇ ਗਏ। ਇਸ ਮੌਕੇ ਮੁੱਖ ਮਹਿਮਾਨਾਂ ਵੱਲੋਂ ਖੇਤੀ ਅਤੇ ਖੇਤੀ ਦੇ ਨਾਲ ਨਾਲ ਸਹਾਇਕ ਧੰਦੇ ਅਪਨਾਉਣ ਵਾਲੇ ਅਤੇ ਪਰਾਲੀ ਦਾ ਯੋਗ ਪ੍ਰਬੰਧਨ ਕਰਨ ਵਾਲੇ 120 ਕਿਸਾਨਾਂ/ਕਿਸਾਨ ਬੀਬੀਆਂ ਅਤੇ ਸੈੱਲਫ਼ ਹੈਲਪ ਗਰੁੱਪਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਕੈਂਪ ਵਿੱਚ ਵੱਡੀ ਗਿਣਤੀ ਵੱਲੋਂ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਅੰਤ ਵਿੱਚ ਮੁੱਖ ਖੇਤੀਬਾੜੀ ਅਫ਼ਸਰ, ਸੰਗਰੂਰ ਵੱਲੋਂ ਸਮੂਹ ਕਿਸਾਨਾਂ, ਸੈੱਲਫ਼ ਹੈਲਪ ਗਰੁੱਪਾਂ ਅਤੇ ਸਮੂਹ ਸਟਾਫ ਦਾ ਕੈਂਪ ਦੇ ਸਫਲ ਆਯੋਜਨ ਲਈ ਧੰਨਵਾਦ ਕੀਤਾ।

# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਸੇਵਾ ਸੁਸਾਇਟੀ ਵੱਲੋਂ ਗੁਰਮਿਤ ਸਮਾਗਮ ਕਰਵਾਇਆ ਗਿਆ



ਜੰਡਿਆਲਾ ਗੁਰੂ 20 ਦਸੰਬਰ ( ਕੁਲਵੰਤ ਸਿੰਘ ਵਿਰਦੀ ) ਸ੍ਰੀ ਗੁਰੂ ਰਾਮਦਾਸ ਜੀ ਸੋਸਾਇਟੀ ਰਜਿ ਪਿੰਡ ਵਡਾਲੀ ਡੋਗਰਾ ਅਤੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਦਿਆਲਾ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਮਤੀ ਦਾਸ ਜੀ ਦੇ 350 ਸਾਲਾ ਸ਼ਹੀਦੀ ਦਿਵਸ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾਂ ਗੁਰਿਆਈ ਦਿਵਸ ਨੂੰ ਸਮਰਪਿਤ ਸਰਬੱਤ ਦੇ ਭਲੇ ਲਈ ਗੁਰਮਤਿ ਸਮਾਗਮ ਪਿੰਡ ਵਡਾਲੀ ਡੋਗਰਾਂ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਬੀਤੇ ਦਿਨ ਐਤਵਾਰ ਨੂੰ ਕਰਵਾਇਆ ਗਿਆ , ਜਿਸ ਵਿੱਚ ਵੇਲੇ ਸੁਖਮਨੀ ਸਾਹਿਬ ਦੇ ਪਾਠ ਸੰਗਤੀ ਰੂਪ ਵਿੱਚ ਕੀਤੇ ਗਏ , ਉਪਰੰਤ 10 ਵਜੇ ਪਰਿਵਾਰਾਂ ਵੱਲੋਂ ਕੀਤੇ ਗਏ ਚਾਰ ਸਹਿਜ ਪਾਠ ਦੇ ਭੋਗ ਗ੍ਰੰਥੀ ਭੁਪਿੰਦਰ ਸਿੰਘ ਵੱਲੋਂ ਪਾਏ ਗਏ। 11 ਤੋਂ 12 ਵਜੇ ਤੱਕ ਰਾਗੀ ਜਥਾ ਭਾਈ ਸਿਮਰਨਜੀਤ ਸਿੰਘ ਵੱਲੋਂ ਸੰਗਤਾਂ ਨੂੰ ਰਸ ਭਿੰਨੇ ਰਾਹੀ ਨਿਹਾਲ ਕੀਤਾ ਗਿਆ ਤੋਂ ਬਾਅਦ 12.ਤੋ 1 ਵਜੇ ਤੱਕ ਭਾਈ ਮੇਜਰ ਸਿੰਘ ਜੀ ਪਿੰਡ ਵਡਾਲੀ ਡੋਗਰਾਂ ਕਥਾ ਦੀ ਹਾਜ਼ਰੀ ਭਰੀ ਗਈ ਜਿਨਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਇਤਿਹਾਸ ਬਾਰੇ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾ ਗੱਦੀ ਬਾਰੇ ਇਤਿਹਾਸ ਨੂੰ ਜਾਣੂੰ ਕਰਵਾਇਆ ਗਿਆ । ਉਹਨਾਂ ਨੇ ਦੱਸਿਆ ਸੀ ਕਿ ਕਿਵੇਂ ਸ੍ਰੀ ਗੁਰੂ ਤੇਗ ਬਹਾਦਰ ਜੀ ਤੇ ਉਹਨਾਂ ਦੇ ਲਾਡਲੇ ਗੁਰਸਿੱਖ ਨੇ ਹਿੰਦ ਧਰਮ ਦੀ ਰੱਖਿਆ ਲਈ ਆਪਣੀ ਕੁਰਬਾਨੀ ਦਿੱਤੀ ਗਈ। ਸਹਿਜ ਪਾਠ ਕਰਨ ਵਾਲੇ ਪਰਿਵਾਰਾਂ ਨੂੰ ਸੇਵਾ ਸੋਸਾਇਟੀ ਵੱਲੋਂ ਸਰੋਪੇ ਤੇ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ ਗਿਆ ਪਰਮਾਤਮਾ ਦੇ ਅੱਗੇ ਅਰਦਾਸ ਕੀਤੀ ਗਈ ਵਾਹਿਗੁਰੂ ਹਰ ਇਕ ਪਰਿਵਾਰ ਦੇ ਵਿੱਚ ਬਾਣੀ ਬਾਣੇ ਦੀ ਦਾਤ ਬਖਸ਼ੇ ਹਰ ਨੂੰ ਗੁਰਸਿੱਖ ਬਣਾਵੇ ਤੇ ਸਿੱਖੀ ਤੇ ਚੱਲਣ ਲਈ ਕਰਨ ਕਰਕੇ ਗੁਰੂ ਰਾਮਦਾਸ ਜੀ ਨੇ ਖੁਸ਼ੀਆਂ ਪ੍ਰਾਪਤ ਕਰੇ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ , ਖ਼ਜ਼ਾਨਚੀ ਦਵਿੰਦਰਪਾਲ ਸਿੰਘ , ਸੋਸਾਇਟੀ ਦੇ ਮੀਤ ਪ੍ਰਧਾਨ ਅਤੇ ਪਿੰਡ ਦੇ ਸਰਪੰਚ ਸੰਦੀਪ ਸਿੰਘ ਮੌਜੀ , ਜਨਰਲ ਸਕੱਤਰ ਜੋਬਨਬੀਰ ਸਿੰਘ ਵਡਾਲੀ , ਸਲਾਹਕਾਰ ਮਨਜਿੰਦਰ ਸਿੰਘ , ਸਲਾਹਕਾਰ ਹੀਰਾ ਸਿੰਘ , ਸਲਾਹਕਾਰ ਜਸਪਾਲ ਸਿੰਘ ਨਵਾਂ ਪਿੰਡ , ਅਮਨਦੀਪ ਸਿੰਘ , ਸ਼ਮਸ਼ੇਰ ਸਿੰਘ, ਦਰਸ਼ਨ ਸਿੰਘ ਫੌਜੀ , ਬਲਦੇਵ ਸਿੰਘ , ਬਲਵਿੰਦਰ ਸਿੰਘ ਜੋਸਨ , ਗੁਰਪ੍ਰੀਤ ਸਿੰਘ , ਹਰਪ੍ਰੀਤ ਸਿੰਘ , ਸੁਖਬੀਰ ਸਿੰਘ , ਜਸਬੀਰ ਸਿੰਘ ,ਕਥਾ ਵਾਚਕ ਭਾਈ ਮੇਜਰ ਸਿੰਘ ਪਿੰਡ ਵਡਾਲੀ ਡੋਗਰਾਂ , ਕੀਰਤਨੀ ਜਥਾ ਭਾਈ ਸਿਮਰਨ ਪ੍ਰੀਤ ਸਿੰਘ , ਪੰਚਾਇਤ ਮੈਂਬਰ ਜਸਬੀਰ ਸਿੰਘ , ਮੈਂਬਰ ਨਛੱਤਰ ਸਿੰਘ ਫੌਜੀ ,ਭਾਈ ਭੁਪਿੰਦਰ ਸਿੰਘ , ਸਸਾਇਟੀ ਮੈਂਬਰ ਸੰਦੀਪ ਸਿੰਘ , , ਗੁਰਪ੍ਰੀਤ ਸਿੰਘ , ਆਈਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਗਿਆ , ਸਰੋਪੇ ਦਿੱਤੇ ਗਏ ਤੇ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ ਗਿਆ , ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ , ਖਜਾਨਚੀ ਦਵਿੰਦਰ ਪਾਲ ਸਿੰਘ , ਸੋਸਾਇਟੀ ਦੇ ਮੀਤ ਪ੍ਰਧਾਨ ਅਤੇ ਪਿੰਡ ਦੇ ਸਰਪੰਚ ਸੰਦੀਪ ਸਿੰਘ ਮੌਜੀ , ਜਨਰਲ ਸਕੱਤਰ ਜੋਬਨਬੀਰ ਸਿੰਘ ਵਡਾਲੀ , ਸਲਾਹਕਾਰ ਮਨਜਿੰਦਰ ਸਿੰਘ , ਸਲਾਹਕਾਰ ਹੀਰਾ ਸਿੰਘ , ਸਲਾਹਕਾਰ ਜਸਪਾਲ ਸਿੰਘ ਨਵਾਂ ਪਿੰਡ , ਅਮਨਦੀਪ ਸਿੰਘ , ਸ਼ਮਸ਼ੇਰ ਸਿੰਘ, ਦਰਸ਼ਨ ਸਿੰਘ ਫੌਜੀ , ਬਲਦੇਵ ਸਿੰਘ , ਬਲਵਿੰਦਰ ਸਿੰਘ ਜੋਸਨ , ਗੁਰਪ੍ਰੀਤ ਸਿੰਘ , ਹਰਪ੍ਰੀਤ ਸਿੰਘ , ਸੁਖਬੀਰ ਸਿੰਘ , ਜਸਬੀਰ ਸਿੰਘ, ਪੰਚਾਇਤ ਮੈਂਬਰ ਜਸਬੀਰ ਸਿੰਘ , ਮੈਂਬਰ ਨਛੱਤਰ ਸਿੰਘ ਫੌਜੀ , ਭਾਈ ਭੁਪਿੰਦਰ ਸਿੰਘ , ਸਸਾਇਟੀ ਮੈਂਬਰ ਸੰਦੀਪ ਸਿੰਘ , , ਗੁਰਪ੍ਰੀਤ ਸਿੰਘ , ਆਈਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

ਕੁਦਰਤ ਕੌਰ ਧਾਲੀਵਾਲ ਪੁੱਤਰੀ ਸੀਨੀਅਰ ਪੱਤਰਕਾਰ ਵਰਿਆਮ ਹਠੂਰ, ਮਾਤਾ ਅਨਮੋਲਪ੍ਰੀਤ ਕੌਰ ਧਾਲੀਵਾਲ ਇਤਿਹਾਸਕ ਪਿੰਡ ਹਠੂਰ ਜ਼ਿਲ੍ਹਾ (ਲੁਧਿਆਣਾ) ਨੂੰ ਇੰਟਰਨੈਸ਼ਨਲ ਅਖ਼ਬਾਰ ਆਵਾਜਿ ਕੌਮ ਦੀ ਟੀਮ ਵੱਲੋਂ ਜਨਮ ਦਿਨ ਦੀਆਂ ਢੇਰ ਸਾਰੀਆਂ ਮੁਬਾਰਕਾਂ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

ਐਸਆਈਆਰ ਨੂੰ ਰੱਦ ਕਰਣ, ਅਤੇ ਯੂਨੀਵਰਸਲ ਐਡਲਟ ਫਰੈਂਚਾਈਜ਼ੀ ਨੂੰ ਵਾਪਸ ਲੈਣ ਲਈ ਸੰਮੇਲਨ

# ਪਹਿਲਾਂ ਲੋਕ ਸਰਕਾਰ ਚੁਣਦੇ ਸਨ, ਹੁਣ ਸਰਕਾਰ ਲੋਕਾਂ ਨੂੰ ਚੁਣਦੀ ਹੈ: ਯੋਗੇਂਦਰ ਯਾਦਵ




ਨਵੀਂ ਦਿੱਲੀ 20 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਇੱਕ ਪ੍ਰਸਿੱਧ ਪੈਨਲ ਦੁਆਰਾ ਬਣਾਈ ਗਈ ਇੱਕ ਜਿਊਰੀ ਨੇ ਪੂਰੇ ਐਸਆਈਆਰ ਅਭਿਆਸ ਦੇ ਪਿੱਛੇ ਦੇ ਤਰੀਕੇ, ਢੰਗ ਅਤੇ ਪ੍ਰੇਰਣਾ ਬਾਰੇ ਡੂੰਘੇ ਇਤਰਾਜ਼ ਪ੍ਰਗਟ ਕੀਤੇ। ਇਸਨੇ ਇਸ ਪੂਰੀ ਪ੍ਰਕਿਰਿਆ ਨੂੰ ਜਿਸ ਜਲਦਬਾਜ਼ੀ ਵਿੱਚ ਕੀਤਾ ਜਾ ਰਿਹਾ ਸੀ, ਉਸ 'ਤੇ ਹੈਰਾਨੀ ਪ੍ਰਗਟ ਕੀਤੀ। ਜਸਟਿਸ ਮਦਨ ਲੋਕੁਰ ਨੇ ਚੋਣ ਕਮਿਸ਼ਨ ਨੂੰ ਪ੍ਰਕਿਰਿਆ ਦੇ ਹਰ ਪੜਾਅ 'ਤੇ ਲੋਕਾਂ ਨੂੰ ਵਿਸ਼ਵਾਸ ਵਿੱਚ ਲੈਣ ਦੀ ਅਪੀਲ ਕੀਤੀ। ਉਹ ਇੱਕ ਜਨਤਕ ਸੁਣਵਾਈ ਦਾ ਜਵਾਬ ਦੇ ਰਹੇ ਸਨ ਜਿਸ ਵਿੱਚ ਐਸਆਈਆਰ ਵਿੱਚੋਂ ਲੰਘ ਰਹੇ ਦਸ ਰਾਜਾਂ ਦੀਆਂ ਸੋਲ੍ਹਾਂ ਟੀਮਾਂ ਨੇ ਯੂਨੀਵਰਸਲ ਐਡਲਟ ਫਰੈਂਚਾਈਜ਼ੀ ਦੀ ਰੱਖਿਆ 'ਤੇ ਰਾਸ਼ਟਰੀ ਸੰਮੇਲਨ ਵਿੱਚ ਆਪਣੇ ਤਜਰਬੇ ਰੱਖੇ। ਜਸਟਿਸ ਏਕੇ ਪਟਨਾਇਕ ਨੇ ਇੱਛਾ ਪ੍ਰਗਟ ਕੀਤੀ ਕਿ ਚੋਣ ਕਮਿਸ਼ਨ ਇਸ ਸੰਮੇਲਨ ਵਿੱਚ ਮੀਟਿੰਗ ਵਿੱਚ ਦੱਸੇ ਗਏ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਲਈ ਆਪਣੇ ਪ੍ਰਤੀਨਿਧੀ ਭੇਜੇ। ਸਰ ਦੇ ਮਾੜੇ ਪ੍ਰਭਾਵ ਸਿਰਫ਼ ਵੱਡੇ ਪੱਧਰ 'ਤੇ ਵੋਟ ਪਾਉਣ ਤੋਂ ਵਾਂਝੇ ਰਹਿਣ ਤੱਕ ਹੀ ਨਹੀਂ ਰੁਕਣਗੇ: ਵੋਟਰ ਸੂਚੀਆਂ ਨੂੰ ਹੁਣ ਆਧਾਰ ਡੇਟਾਬੇਸ ਨਾਲ ਜੋੜਿਆ ਜਾ ਸਕਦਾ ਹੈ, ਜਿਸ ਨਾਲ ਨਾਗਰਿਕ ਵੱਖ-ਵੱਖ ਭਲਾਈ ਯੋਜਨਾਵਾਂ ਤੋਂ ਵਾਂਝੇ ਰਹਿ ਸਕਦੇ ਹਨ। ਪ੍ਰੋਫੈਸਰ ਨਿਵੇਦਿਤਾ ਮੈਨਨ ਨੇ ਸਰ ਦੇ ਉਦੇਸ਼ਾਂ 'ਤੇ ਸਵਾਲ ਉਠਾਇਆ। ਉਸਨੇ ਸੋਚਿਆ ਕਿ ਕੀ ਸਰ ਦੀਆਂ ਸਪੱਸ਼ਟ ਗਲਤੀਆਂ ਹਾਸ਼ੀਏ 'ਤੇ ਪਏ ਵਰਗਾਂ, ਖਾਸ ਕਰਕੇ ਘੱਟ ਗਿਣਤੀਆਂ ਨੂੰ ਸਜ਼ਾ ਦੇਣ ਲਈ ਇਸਦੇ ਡਿਜ਼ਾਈਨ ਦਾ ਹਿੱਸਾ ਸਨ। ਸੀਨੀਅਰ ਪੱਤਰਕਾਰ ਪਾਮੇਲਾ ਫਿਲਿਪੋਜ਼ ਨੇ ਇਸ ਤਰ੍ਹਾਂ ਦੀ ਜਨਤਕ ਸੁਣਵਾਈ ਦੇ ਪਿੱਛੇ ਦੇ ਵਿਚਾਰ ਦਾ ਸਵਾਗਤ ਕੀਤਾ ਅਤੇ ਉਮੀਦ ਪ੍ਰਗਟ ਕੀਤੀ ਕਿ ਇਹ ਲੋਕਤੰਤਰੀ ਜਵਾਬਦੇਹੀ ਦੀਆਂ ਸੰਭਾਵਨਾਵਾਂ ਨੂੰ ਖੋਲ੍ਹਦਾ ਹੈ।

ਇਸ ਬਾਰੇ ਕੁਝ ਜਨਤਕ ਗਵਾਹੀਆਂ ਦੇ ਅੰਸ਼ ਵੀਂ ਦੱਸੇ ਗਏ। ਕਿਸੇ ਨੂੰ ਵੀ ਕੋਈ ਗਣਨਾ ਫਾਰਮ ਨਹੀਂ ਮਿਲਿਆ ਜਿਸ ਨਾਲ ਵੋਟਾਂ ਕੱਟੀਆਂ ਜਾਣਗੀਆਂ। "ਗਜਾਨਨ ਜੰਗੀਦ," ਨੇ ਦਸਿਆ ਕਿ ਮੇਰੇ ਭਰਾ 'ਤੇ ਇੰਨਾ ਦਬਾਅ ਪਾਇਆ ਗਿਆ ਕਿ ਉਸਨੇ ਆਪਣੀ ਜਾਨ ਦੇ ਦਿੱਤੀ। ਇੰਨੀ ਜਲਦੀ ਕੀ ਸੀ? ਸਰਕਾਰ ਵਿੱਚ ਕਿਸੇ ਨੇ ਵੀ ਸਾਡਾ ਕੇਸ ਨਹੀਂ ਸੁਣਿਆ। ਕਿਸੇ ਵੀ ਜ਼ਿੰਮੇਵਾਰ ਵਿਅਕਤੀ ਵਿਰੁੱਧ ਕੋਈ ਐਫਆਈਆਰ ਦਰਜ ਨਹੀਂ ਕੀਤੀ ਗਈ। ਅਸੀਂ ਕੀ ਕਰੀਏ? ਅਸੀਂ ਪੂਰੀ ਐਸਆਈਆਰ ਪ੍ਰਕਿਰਿਆ ਦੀ ਨਿੰਦਾ ਕਰਦੇ ਹਾਂ" ਮਨੀਸ਼ ਕੁੰਜਮ: ਬਸਤਰ ਵਿੱਚ ਸਲਵਾ ਜੁਡਮ ਵਿਰੁੱਧ ਕਾਰਵਾਈ ਦੌਰਾਨ ਬਹੁਤ ਸਾਰੇ ਪਿੰਡ ਤਬਾਹ ਹੋ ਗਏ ਸਨ। ਇਨ੍ਹਾਂ ਵਿਸਥਾਪਿਤ ਪਿੰਡਾਂ ਦੇ ਕਿਸੇ ਵੀ ਵਿਅਕਤੀ ਨੂੰ ਐਸਆਈਆਰ ਵਿੱਚ ਸ਼ਾਮਲ ਨਹੀਂ ਕੀਤਾ ਗਿਆ ਹੈ।" ਕਨਵੈਨਸ਼ਨ ਨੇ ਦੱਸਿਆ ਕਿ ਸਰ ਕਿਸੇ ਵੀ ਲੋਕਤੰਤਰ ਦੇ ਇਤਿਹਾਸ ਵਿੱਚ ਹੁਣ ਤੱਕ ਦੀ ਸਭ ਤੋਂ ਵੱਡੀ ਵੋਟ ਤੋਂ ਵਾਂਝਾ ਹੈ। ਸਾਨੂੰ ਸਾਡੇ ਆਜ਼ਾਦੀ ਸੰਘਰਸ਼ ਦੀ ਬੁਨਿਆਦੀ ਪ੍ਰਾਪਤੀ - ਸਰਵਵਿਆਪੀ ਬਾਲਗ ਵੋਟ ਅਧਿਕਾਰ - ਲਈ ਇੱਕ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਹਿਲਾਂ ਹੀ ਖ਼ਬਰਾਂ ਦੇ ਸਰੋਤਾਂ ਦੇ ਅਨੁਸਾਰ, 6.68 ਕਰੋੜ ਵੋਟਰਾਂ ਨੂੰ ਸਿਰਫ਼ ਡਰਾਫਟ ਰੋਲ ਪ੍ਰਕਿਰਿਆ ਵਿੱਚ ਹੀ ਵੋਟ ਅਧਿਕਾਰ ਤੋਂ ਵਾਂਝਾ ਕਰ ਦਿੱਤਾ ਗਿਆ ਹੈ। ਕਨਵੈਨਸ਼ਨ ਨੇ ਮੰਗ ਕੀਤੀ ਕਿ ਸਾਰੇ ਵੋਟਰ ਜਿਨ੍ਹਾਂ ਦੇ ਨਾਮ ਸਰ ਦੌਰਾਨ ਵੋਟਰ ਸੂਚੀਆਂ ਤੋਂ ਬਿਨਾਂ ਕਿਸੇ ਢੁਕਵੀਂ ਪ੍ਰਕਿਰਿਆ ਦੇ ਬਾਹਰ ਕੱਢੇ ਗਏ ਹਨ, ਨੂੰ ਬਹਾਲ ਕੀਤਾ ਜਾਣਾ ਚਾਹੀਦਾ ਹੈ; ਇਸ ਤੋਂ ਬਾਅਦ, ਗਣਨਾ ਫਾਰਮ ਜਮ੍ਹਾਂ ਨਾ ਕਰਵਾਉਣ ਕਾਰਨ ਨਾਵਾਂ ਨੂੰ ਬਾਹਰ ਕੱਢਣ ਦੀ ਪ੍ਰਥਾ ਨੂੰ ਬੰਦ ਕੀਤਾ ਜਾਣਾ ਚਾਹੀਦਾ ਹੈ। ਵੋਟਰ ਸੂਚੀ ਦੀ ਸੋਧ ਨੂੰ ਨਾਗਰਿਕਤਾ ਦੇ ਨਿਰਧਾਰਨ ਤੋਂ ਪੂਰੀ ਤਰ੍ਹਾਂ ਵੱਖ ਕੀਤਾ ਜਾਣਾ ਚਾਹੀਦਾ ਹੈ; ਘਰ-ਘਰ ਜਾ ਕੇ ਸਮਾਂ-ਪਰਖਿਆ ਗਿਆ ਤਰੀਕਾ ਡੀ-ਡੁਪਲੀਕੇਸ਼ਨ ਸੌਫਟਵੇਅਰ ਆਦਿ ਦੇ ਨਾਲ ਨਿਯਮਤ ਸੋਧਾਂ ਲਈ ਵਰਤਿਆ ਜਾਣਾ ਚਾਹੀਦਾ ਹੈ; ਮੀਟਿੰਗ ਇੱਕ ਮਤੇ ਨਾਲ ਸਮਾਪਤ ਹੋਈ ਜਿਸ ਵਿੱਚ ਅਸੀਂ ਸ਼ਾਂਤੀਪੂਰਨ, ਸੰਵਿਧਾਨਕ ਅਤੇ ਲੋਕਤੰਤਰੀ ਤਰੀਕਿਆਂ ਨਾਲ ਸਾਡੇ ਆਜ਼ਾਦੀ ਸੰਘਰਸ਼ ਦੀ ਮਿਹਨਤ ਨਾਲ ਜਿੱਤੀ ਵਿਰਾਸਤ, ਸਰਵਵਿਆਪੀ ਬਾਲਗ ਵੋਟ ਅਧਿਕਾਰ ਦੀ ਰੱਖਿਆ ਕਰਨ ਦੇ ਆਪਣੇ ਸੰਕਲਪ ਦੀ ਪੁਸ਼ਟੀ ਕਰਦੇ ਹਾਂ। ਕਨਵੈਨਸ਼ਨ ਦਾ ਆਯੋਜਨ ਕਵਿਤਾ ਸ਼੍ਰੀਵਾਸਤਵ (ਰਾਸ਼ਟਰੀ ਪ੍ਰਧਾਨ) ਅੰਜਲੀ ਭਾਰਦਵਾਜ, ਅਜੀਤ ਝਾਅ ਅਤੇ ਯੋਗੇਂਦਰ ਯਾਦਵ (ਭਾਰਤ ਜੋੜੋ ਅਭਿਆਨ) ਦੁਆਰਾ ਕੀਤਾ ਗਿਆ ਸੀ।

ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਅੱਖਾਂ, ਦੰਦਾਂ ਅਤੇ ਹੱਡੀਆਂ ਦਾ

# ਫਰੀ ਵਿਸ਼ਾਲ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ





ਤਲਵੰਡੀ ਸਾਬੋ, 20 ਦਸੰਬਰ (ਗੁਰਜੰਟ ਸਿੰਘ ਨਥੇਹਾ)- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿੱਚ ਅੱਖਾਂ, ਹੱਡੀਆਂ ਅਤੇ ਦੰਦਾਂ ਦੀ ਸਿਹਤ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦੌਰਾਨ ਸਕੂਲ ਦੇ ਵਿਦਿਆਰਥੀਆਂ ਦੇ ਨਾਲ-ਨਾਲ ਨੇੜਲੇ ਪਿੰਡਾਂ ਦੇ ਲੋਕਾਂ ਦੀ ਵੀ ਸਿਹਤ ਜਾਂਚ ਕੀਤੀ ਗਈ। ਸਕੂਲ ਐੱਮ ਡੀ ਲਗਨ ਖੁਰਾਣਾ ਨੇ ਕਿਹਾ ਕਿ ਮੋਬਾਇਲ ਦੇ ਵੱਧ ਰਹੇ ਇਸਤੇਮਾਲ ਕਾਰਨ ਬੱਚਿਆਂ ਦੀਆਂ ਅੱਖਾਂ 'ਤੇ ਪੈ ਰਹੇ ਨਕਾਰਾਤਮਕ ਪ੍ਰਭਾਵ ਨੂੰ ਧਿਆਨ ਵਿੱਚ ਰੱਖਦਿਆਂ, ਇਸ ਤਰ੍ਹਾਂ ਦੇ ਸਿਹਤ ਕੈਂਪ ਬਹੁਤ ਹੀ ਜ਼ਰੂਰੀ ਬਣ ਗਏ ਹਨ। ਇਸ ਮੌਕੇ 'ਤੇ ਅੱਖਾਂ ਦੇ ਮਾਹਿਰ ਡਾਕਟਰ ਦੀਪਕ ਗਰਗ, ਹੱਡੀਆਂ ਅਤੇ ਜੋੜਾਂ ਦੇ ਮਾਹਿਰ ਡਾਕਟਰ ਦੀਪਕ ਬਾਂਸਲ ਅਤੇ ਦੰਦਾਂ ਦੇ ਮਾਹਿਰ ਡਾਕਟਰ ਅੰਕੁਸ਼ ਗੋਇਲ ਵੱਲੋਂ ਨਰਸਰੀ ਤੋਂ ਬਾਰ੍ਹਵੀਂ ਤੱਕ ਦੇ ਵਿਦਿਆਰਥੀਆਂ ਅਤੇ ਪਿੰਡ ਵਾਸੀਆਂ ਦੀ ਜਾਂਚ ਕੀਤੀ ਗਈ। ਕੈਂਪ ਦਾ ਮੁੱਖ ਉਦੇਸ਼ ਅੱਖਾਂ, ਹੱਡੀਆਂ ਅਤੇ ਦੰਦਾਂ ਨਾਲ ਸੰਬੰਧਿਤ ਬਿਮਾਰੀਆਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਸਿਹਤਮੰਦ ਰੱਖਣ ਲਈ ਜ਼ਰੂਰੀ ਸੁਝਾਅ ਦੇਣਾ ਸੀ। ਜਾਂਚ ਉਪਰੰਤ ਲੋੜਵੰਦ ਵਿਅਕਤੀਆਂ ਨੂੰ ਦਵਾਈਆਂ ਵੀ ਵੰਡੀਆਂ ਗਈਆਂ। ਇਸ ਸਫ਼ਲ ਆਯੋਜਨ ਵਿੱਚ ਸਕੂਲ ਦੇ ਅਧਿਆਪਕਾਂ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਕੈਂਪ ਵਿੱਚ ਪਿੰਡ ਦੇ ਲੋਕਾਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਸਿਹਤ ਜਾਂਚ ਕਰਵਾਈ। ਇਸ ਮੌਕੇ 'ਤੇ ਸਕੂਲ ਕੋਆਰਡੀਨੇਟਰ ਬੇਅੰਤ ਕੌਰ, ਜੂਨੀਅਰ ਕੋਆਰਡੀਨੇਟਰ ਕਿਰਨਦੀਪ ਕੌਰ, ਕੁਲਵਿੰਦਰ ਕੌਰ, ਜਤਿੰਦਰ ਕੌਰ, ਪਰਮਿੰਦਰ ਕੌਰ, ਜਸਪ੍ਰੀਤ ਕੌਰ, ਸੁਨੀਤਾ, ਲਵਪ੍ਰੀਤ ਸਿੰਘ, ਅਨੂ ਬਾਲਾ, ਰਾਜਪ੍ਰੀਤ ਕੌਰ ਕਰਮਜੀਤ ਕੌਰ, ਰਿਪਤਾਂ, ਸੁਖਪ੍ਰੀਤ ਕੌਰ, ਗੁਰਪ੍ਰੀਤ ਕੌਰ, ਰਣਦੀਪ ਕੌਰ, ਸਿੰਪਲ ਰਾਣੀ, ਕਿਰਨਦੀਪ ਕੌਰ, ਰਮਨਦੀਪ ਕੌਰ, ਡਿੰਪਲ, ਸਾਲੂ, ਪਵਨਦੀਪ ਕੌਰ, ਮੇਗਾ, ਸੁਖਬੀਰ ਕੌਰ, ਅਮਰਜੀਤ ਸਿੰਘ, ਇੰਦਰਜੀਤ ਸਿੰਘ ਮੌਜੂਦ ਸਨ। ਕੈਂਪ ਦੌਰਾਨ ਪਹੁੰਚੇ ਹੋਏ ਡਾਕਟਰਾਂ ਅਤੇ ਉਨ੍ਹਾਂ ਦੀ ਟੀਮ ਨੂੰ ਸਕੂਲ ਚੈਅਰਮੈਨ ਵਿਨੋਦ ਖੁਰਾਣਾ ਅਤੇ ਪ੍ਰਿੰਸੀਪਲ ਮੀਨੂੰ ਗਰਗ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਅਤੇ ਧੰਨਵਾਦ ਕੀਤਾ।

# ਸੈਂਟ ਸੋਲਜਰ ਦੇ ਪ੍ਰਿੰਸੀਪਲ ਸ੍ਰੀਮਤੀ ਡਾ:ਅਮਰਪ੍ਰੀਤ ਕੌਰ ਗੋਲਡਨ ਪ੍ਰਿੰਸੀਪਲ ਅਵਾਰਡ ਨਾਲ ਸਨਮਾਨਿਤ

## ਵਿਦਿਆਰਥੀਆਂ ਦੀ ਸਿੱਖਿਆ ਵਿੱਚ ਨਵੀਨਤਾ ਲਿਆਉਣ ਤੇ ਲਗਨ ਤੇ ਸ਼ਾਨਦਾਰ ਉਪਰਾਲਿਆਂ ਸਦਕਾ ਮਿਲ ਰਹੇ ਅਵਾਰਡ ਡਾ: ਮੰਗਲ ਸਿੰਘ ਕਿਸ਼ਨਪੁਰੀ



**ਜੰਡਿਆਲਾ ਗੁਰੂ 20 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਪੰਜਾਬ ਵੱਲੋਂ ਸਕੂਲਾਂ ਦੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀ ਅਧਿਆਪਕ ਸਾਹਿਬਾਨ ਅਤੇ ਪ੍ਰਿੰਸੀਪਲਸ ਨੂੰ FAP ਅਵਾਰਡਾਂ ਨਾਲ ਸਨਮਾਨਿਤ ਕਰਨ ਲਈ ਚੰਡੀਗੜ੍ਹ ਵਿਖੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਬੜੀ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਇਸ ਪ੍ਰੋਗਰਾਮ ਵਿੱਚ ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਪ੍ਰਿੰਸੀਪਲ ਡਾਕਟਰ ਅਮਰਪ੍ਰੀਤ ਕੌਰ ਜੀ ਨੂੰ ਉਹਨਾਂ ਦੀ ਸ਼ਾਨਦਾਰ ਅਗਵਾਈ ਸਿੱਖਿਆ ਪ੍ਰਤੀ ਵਚਨ ਬਧਤਾ ਅਤੇ ਬੱਚਿਆਂ ਦੇ ਬਿਹਤਰ ਵਿਕਾਸ ਲਈ ਨਿਰੰਤਰ ਯਤਨਾ ਦੇ ਕਾਰਨ ਵੱਕਾਰੀ ਗੋਲਡਨ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸੇ ਤਹਿਤ ਸ੍ਰੀਮਤੀ ਮਨਦੀਪ ਕੌਰ ਪੰਜਾਬੀ ਅਧਿਆਪਕਾਂ ਨੂੰ ਉਹਨਾਂ ਦੇ ਨਿਰੰਤਰ ਯੋਗਦਾਨ ਅਤੇ ਸਖਤ ਮਿਹਨਤ ਲਈ FAP ਵੱਲੋਂ ਸ਼ਾਨਦਾਰ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਅਤੇ ਨਾਲ ਹੀ ਸਕੂਲ ਦੇ ਵਿਦਿਆਰਥੀ ਦਕਸ਼ਦੀਪ ਸਿੰਘ ਦਸਵੀਂ ਕਲਾਸ ਨੇ ਬੇਮਿਸਾਲ ਪ੍ਰਤਿਭਾ ਦੇ ਕਾਰਨ ਪੰਜਾਬੀ ਵਿੱਚ ਸਟੇਟ ਚੈਂਪੀਅਨ ਦਾ ਐਵਾਰਡ ਹਾਸਲ ਕੀਤਾ।। ਅਵਾਰਡਾਂ ਦੀ ਖੁਸ਼ੀ ਵਿੱਚ ਹੋਰ ਚਾਰ ਚੰਨ ਲੱਗ ਗਏ ਜਦੋਂ ਸਕੂਲ ਦੇ ਅਧਿਆਪਕ ਪਰਮਿੰਦਰ ਕੌਰ ਅਤੇ ਮਨਪ੍ਰੀਤ ਕੌਰ ਐਸਐਸਟੀ , ਵੱਲੋਂ ਤਿਆਰ ਕੀਤੇ ਵਿਦਿਆਰਥੀਆਂ ਨੇ FAP ਨੈਸ਼ਨਲ ਅਵਾਰਡਾਂ ਵਿੱਚ ਵਿਆਹ ਦੇ ਲੋਕ ਗੀਤ ਸ੍ਰਣੀ ਵਿੱਚ ਪੂਰੇ ਪੰਜਾਬ ਦੇ ਵਿੱਚੋਂ ਤੀਸਰਾ ਸਥਾਨ ਹਾਸਿਲ ਕੀਤਾ ਅਤੇ ਪ੍ਰਾਈਡ ਆਫ ਸਟੂਡੈਂਟਸ ਅਵਾਰਡ ਪ੍ਰਾਪਤ ਕੀਤਾ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਉਹਨਾਂ ਨੇ ਸੰਸਥਾ ਨੂੰ ਲਗਾਤਾਰ ਅਵਾਰਡ ਹਾਸਲ ਕਰਨ ਲਈ ਵਧਾਈ ਦਿੱਤੀ। ਉਨਾਂ ਨੇ ਸਕੂਲ ਦੇ ਪ੍ਰਿੰਸੀਪਲ ਡਾਕਟਰ ਅਮਰਪ੍ਰੀਤ ਕੌਰ ਜੀ ਦੀ ਯੋਗ ਅਗਵਾਈ ,ਲਗਨ ਅਤੇ ਵਿਦਿਆਰਥੀਆਂ ਦੀ ਸਿੱਖਿਆ ਵਿੱਚ ਨਵੀਨਤਾ ਲਿਆਉਣ ਦੇ ਸ਼ਾਨਦਾਰ ਉਪਰਾਲਿਆਂ ਸਦਕਾ ਉਹਨਾਂ ਦੀ ਮਿਹਨਤ ਨੂੰ ਸਰਾਹਿਆ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਸ਼ਿਲਪਾ ਸ਼ਰਮਾ ਕੁਆਡੀਨੇਟਰ ਨਿਲਾਕਸੀ ਗੁਪਤਾ ਕੋਆਰਡੀਨੇਟ ਸਮੂਹ ਸਟਾਫ ਅਤੇ ਬਚੇ ਹਾਜ਼ਰ ਸਨ।

# ਹੁੱਕਾ ਪੀਣ ਨੂੰ ਰੋਕਣ ਤੇ ਸਿੱਖ ਪਰਿਵਾਰ ਤੇ ਹਮਲਾ ਪੱਗ ਲਾਹੀ ਕੇਸਾਂ ਦੀ ਖਿੱਚਧੂਹ ਕੀਤੀ

## ਸਿੱਖਾਂ ਨੇ ਦੋਸ਼ ਲਗਾਇਆ ਕਿ ਦਿੱਲੀ ਅੰਦਰ ਮੁੜ ਦੰਗੇ ਭੜਕਾਏ ਜਾ ਸਕਦੇ ਹਨ ਤੇ ਇਸ ਵਾਰ ਉਨ੍ਹਾਂ ਦਾ ਨਿਸ਼ਾਨਾ ਸਿੱਖ ਹੋਣਗੇ

**ਨਵੀਂ ਦਿੱਲੀ 20 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:-ਪੁਲਿਸ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਪੱਛਮੀ ਦਿੱਲੀ ਵਿੱਚ ਹੁੱਕਾ ਪੀਣ ਨੂੰ ਲੈ ਕੇ ਦੋ ਗੁਆਂਢੀਆਂ ਵਿਚਕਾਰ ਹੋਈ ਝੜਪ ਵਿੱਚ ਇੱਕ ਸਿੱਖ ਵਿਅਕਤੀ ਜ਼ਖਮੀ ਹੋ ਗਿਆ। ਜਿਕਰਯੋਗ ਹੈ ਕਿ ਸਿੱਖ ਪਰਿਵਾਰ ਵਲੋਂ ਆਪਣੇ ਇਕ ਪੜੋਸੀ ਗੁੱਜਰ ਪਰਿਵਾਰ ਨੂੰ ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਹੋਣ ਕਰਕੇ ਹੁੱਕਾ ਪੀਣ ਤੋਂ ਰੋਕਿਆ ਗਿਆ ਤਦ ਉਨ੍ਹਾਂ ਇਕ ਗਿਣਿਮੀਠੀ ਸਾਜ਼ਿਸ਼ ਤਹਿਤ ਸਿੱਖ ਪਰਿਵਾਰ ਤੇ ਬੇਸਬਾਲ ਅਤੇ ਹੋਰ ਲਾਠੀਆਂ ਨਾਲ ਹਮਲਾ ਕਰ ਦਿੱਤਾ। ਅਚਾਨਕ ਹੋਏ ਹਮਲੇ ਨਾਲ ਸਿੱਖ ਪਰਿਵਾਰ ਦੇ ਕੁਝ ਮੈਂਬਰ ਫੱਟੜ ਹੋ ਗਏ ਜਿਸ ਉਪਰੰਤ ਮਾਮਲੇ ਨੇ ਗੰਭੀਰ ਰੂਪ ਧਾਰਣ ਕਰ ਲਿਆ। ਇਸ ਦੌਰਾਨ ਸਿੱਖਾਂ ਦੀ ਪੱਗ ਲਾਹੀ ਗਈ ਤੇ ਕੇਸਾਂ ਦੀ ਖਿੱਚਧੂਹ ਕਰਦੇ ਬੇਅਦਬੀ ਕੀਤੀ ਗਈ। ਇਸ ਮੌਕੇ ਪੁੱਜੇ ਸਿੱਖਾਂ ਨੇ ਦੋਸ਼ ਲਗਾਇਆ ਕਿ ਦਿੱਲੀ ਅੰਦਰ ਮੁੜ ਦੰਗੇ ਭੜਕਾਏ ਜਾ ਸਕਦੇ ਹਨ ਤੇ ਇਸ ਵਾਰ ਉਨ੍ਹਾਂ ਦਾ ਨਿਸ਼ਾਨਾ ਸਿੱਖ ਹੋਣਗੇ। ਪੁਲਿਸ ਨੇ ਕਿਹਾ ਕਿ ਇਹ ਘਟਨਾ ਵੀਰਵਾਰ ਸ਼ਾਮ ਨੂੰ ਕੀਰਤੀ ਨਗਰ ਵਿੱਚ ਵਾਪਰੀ। ਪੁਲਿਸ ਦੇ ਅਨੁਸਾਰ, ਦੋਵਾਂ ਪਰਿਵਾਰਾਂ ਵਿੱਚ ਪਹਿਲਾਂ ਹੀ ਪਾਰਕਿੰਗ ਨੂੰ ਲੈ ਕੇ ਝਗੜਾ ਸੀ। ਇਹ ਝਗੜਾ ਉਦੋਂ ਵਧ ਗਿਆ ਜਦੋਂ ਸਿੱਖ ਪਰਿਵਾਰ ਨੇ ਆਪਣੇ ਗੁਆਂਢੀ ਨੂੰ ਹੁੱਕਾ ਪੀਣ 'ਤੇ ਇਤਰਾਜ਼ ਕੀਤਾ, ਜਿਸ ਕਾਰਨ ਝਗੜਾ ਹੋ ਗਿਆ। ਮਾਮਲੇ ਦਾ ਪਤਾ ਲਗਦੇ ਸਿੱਖ ਆਗੂਆਂ ਸਰਦਾਰ ਪਰਮਜੀਤ ਸਿੰਘ ਸਰਨਾ, ਗੁਰਮੀਤ ਸਿੰਘ ਫਿਲੀਪੀਨ, ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਸਖ਼ਤ ਅੱਖਰਾਂ ਵਿਚ ਨਿੰਦਾ ਕਰਦਿਆਂ ਮਾਮਲੇ ਦੀ ਪੜਤਾਲ ਕਰਕੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਦੀ ਗੱਲ ਕੀਤੀ ਹੈ।





ਆਵਾਜ਼ਿ ਕੌਮ AWAZE QAUM International Newspaper & WEB TV

### ਅਨਦੀਪ ਸਿੰਘ ਚੰਦੀ ਨੇ

# ਜ਼ਿਲ੍ਹਾ ਪੱਧਰੀ ਟੀਚਰ ਫੈਸਟ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ




**ਜੰਡਿਆਲਾ ਗੁਰੂ, 20 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫ਼ਸਰ,(ਸੈ ਸਿ) ਸ਼੍ਰੀ ਰਾਜੇਸ਼ ਕੁਮਾਰ ਸ਼ਰਮਾ ਜੀ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਟੀਚਰ ਫੈਸਟ 2025 ਦੇ ਕੀਤੇ ਗਏ ਆਯੋਜਨ ਦੌਰਾਨ ਮਾਡਲ ਟੀਚਿੰਗ ਕੈਟਾਗਰੀ ਵਿੱਚ ਬਲਾਕ ਜੰਡਿਆਲਾ ਗੁਰੂ ਤੋਂ ਸਰਕਾਰੀ ਹਾਈ ਸਕੂਲ ਦੇਵੀਦਾਸਪੁਰਾ ਦੇ ਸਮਾਜਿਕ ਸਿੱਖਿਆ ਮਾਸਟਰ ਅਨਦੀਪ ਸਿੰਘ ਚੰਦੀ ਵਲੋਂ ਪਹਿਲਾਂ ਸਥਾਨ ਪ੍ਰਾਪਤ ਕੀਤਾ ਗਿਆ। ਇਸ ਮਾਡਲ ਦਾ ਮੁੱਖ ਥੀਮ ਨਕਸ਼ਿਆਂ ਦੀ ਨਵੇਕਲੇ ਢੰਗ ਨਾਲ ਵਰਤੋਂ ਕਰਕੇ ਵਿਸ਼ੇ ਦੀ ਰੌਚਕਤਾ ਨੂੰ ਵਧਾਉਣਾ ਹੈ। ਇਸ ਮੌਕੇ ਜੇਤੂਆਂ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਸ਼੍ਰੀ ਰਾਜੇਸ਼ ਕੁਮਾਰ ਸ਼ਰਮਾ, ਉਪ ਜ਼ਿਲਾ ਸਿੱਖਿਆ ਅਫਸਰ ਸ਼੍ਰੀ ਰਾਜੇਸ਼ ਖੰਨਾ, ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਰਾਜਨ ਲਿਬਰਾ ਵਲੋਂ ਇਨਾਮ ਦੇ ਕੇ ਰਾਜ ਪੱਧਰੀ ਟੀਚਰ ਫੈਸਟ ਲਈ ਉਤਸ਼ਾਹਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਬਲਾਕ ਪੱਧਰੀ ਟੀਚਰ ਫੈਸਟ ਮੁਕਾਬਲੇ ਵਿੱਚੋਂ ਵੀ ਅਨਦੀਪ ਸਿੰਘ ਵੱਲੋਂ ਪਹਿਲਾਂ ਸਥਾਨ ਪ੍ਰਾਪਤ ਕੀਤਾ ਗਿਆ ਸੀ। ਇਸ ਮੌਕੇ ਸ਼ੁੱਭਕਾਮਨਾਵਾਂ ਦੇਣ ਵਾਲਿਆਂ ਵਿੱਚ ਮਨਦੀਪ ਕੌਰ ਮੁੱਖ ਅਧਿਆਪਕਾ, ਮਨਜਿੰਦਰ ਸਿੰਘ ਬੀ. ਐਨ.ੳ.,ਹਰਦੀਪ ਸਿੰਘ ਬੀ.ਆਰ.ਸੀ.,ਕੁਲਵਿੰਦਰ ਸਿੰਘ ਭੱਟੀ,ਜਸਬੀਰ ਸਿੰਘ,ਪਵਨਪ੍ਰੀਤ ਕੌਰ,ਮਨਪ੍ਰੀਤ ਕੌਰ, ਗੁਰਪ੍ਰੀਤ ਕੌਰ, ਦਲਜੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਵਿਜਡਮ ਇੰਟਰਨੈਸ਼ਨਲ ਸਕੂਲ ਲੀਲਾਂ ਮੇਘ ਸਿੰਘ ਵਿੱਚ

# ਐਥਲੈਟਿਕ ਮੀਟ ਕਰਵਾਈ



**ਜਗਰਾਉਂ, (ਵਰਿਆਮ ਹਠੂਰ)**-ਵਿੱਦਿਆ ਦੇ ਖੇਤਰ ਵਿੱਚ ਦਿਨੋਂ ਦਿਨ ਲੰਬੀਆਂ ਪੁਲਾਂਘਾਂ ਪੁੱਟਣ ਵਾਲੀ ਇਲਾਕੇ ਦੀ ਚਰਚਿਤ ਅਤੇ ਨਾਮਵਰ ਵਿੱਦਿਅਕ ਸੰਸਥਾ ਵਿਜਡਮ ਇੰਟਰਨੈਸ਼ਨਲ ਸਕੂਲ ਲੀਲਾ ਮੇਘ ਸਿੰਘ ਵਿੱਚ ਨਰਸਰੀ ਤੋਂ ਲੈ ਕੇ ਦੂਜੀ ਕਲਾਸ ਤੱਕ ਦੇ ਨੰਨੇ ਮੁੰਨੇ ਬੱਚਿਆਂ ਲਈ ਐਥਲੈਟਿਕ ਮੀਟ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਆਯੋਜਿਤ ਕੀਤੀ ਗਈ। ਇਸ ਖੇਡ ਮੇਲੇ ਦਾ ਮੁੱਖ ਮਕਸਦ ਬੱਚਿਆਂ ਵਿੱਚ ਖੇਡ ਭਾਵਨਾ, ਅਨੁਸ਼ਾਸਨ ਅਤੇ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੀ ਭਾਵਨਾ ਨੂੰ ਲੈ ਕੇ ਸੀ। ਤਾੜੀਆਂ ਦੀ ਗੂੰਜ ਵਿੱਚ ਸਕੂਲ ਦੀ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਅਨੀਤਾ ਕਾਲੜਾ ਅਤੇ ਚੇਅਰਮੈਨ ਸ਼੍ਰੀ ਸਤੀਸ਼ ਕਾਲੜਾ ਵੱਲੋਂ ਰੀਬਨ ਕੱਟਣ ਦੀ ਰਸਮ ਅਦਾ ਕੀਤੀ ਗਈ, ਅਤੇ ਸਵਾਗਤੀ ਸੰਬੋਧਨ ਕੀਤਾ ਗਿਆ ਨੰਨ੍ਹੇ-ਮੁੰਨੇ ਬੱਚਿਆਂ ਨੇ ਲੈਮਨ ਰੇਸ, ਫਰਾਗ ਰੇਸ, ਸੈਕ ਰੇਸ, ਪਿਕ ਦਾ ਬਾਲ, ਕੱਪ ਕਲੈਕਟਿੰਗ ਰੇਸ, ਪਲੇਟ ਐਂਡ ਬਾਲ ਰੇਸ , ਰੈਬਿਟ ਰੇਸ ,ਰਿੰਗ ਰੇਸ, ਟਾਵਰ ਰੇਸ, ਬੈਲੂਨ ਇਨ ਲੈਗਸ ਅਤੇ ਹੋਰ ਕਈ ਪ੍ਰਕਾਰ ਦੀਆਂ ਮਨੋਰੰਜਕ ਖੇਡਾਂ ਵਿੱਚ ਪੂਰੇ ਜੋਸ਼ ਨਾਲ ਭਾਗ ਲਿਆ, ਖੇਡ ਮੈਦਾਨ ਬੱਚਿਆਂ ਦੀਆਂ ਤਾਲੀਆਂ ਅਤੇ ਖੁਸ਼ੀ ਭਰੀਆਂ ਅਵਾਜ਼ਾਂ ਨਾਲ ਗੂੰਜ ਉਠਿਆ, ਪ੍ਰਿੰਸੀਪਲ ਮੈਡਮ ਅਨੀਤਾ ਕਾਲੜਾ ਚੇਅਰਮੈਨ ਸ਼੍ਰੀ ਸਤੀਸ਼ ਕਾਲੜਾ ਅਤੇ ਸਕੂਲ ਸਟਾਫ ਵੱਲੋਂ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਅਤੇ ਜੇਤੂ ਬੱਚਿਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ, ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਅਨੀਤਾ ਕਾਲੜਾ ਨੇ ਬੱਚਿਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਕਾਰਜਕ੍ਰਮ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਐਥਲੈਟਿਕ ਮੀਟ ਨੰਨ੍ਹੇ ਮੁੰਨੇ ਬੱਚਿਆਂ ਲਈ ਇੱਕ ਯਾਦਗਾਰ ਅਨੁਭਵ ਬਣੀ ਅਤੇ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਬਣਾਇਆ ਅਖੀਰ ਦੇ ਵਿੱਚ ਅਧਿਆਪਕਾਂ ਦੀਆਂ ਵੀ ਗੇਮਸ ਵੀ ਕਰਵਾਈਆਂ ਗਈਆਂ, ਪ੍ਰੈਸ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਸ਼੍ਰੀ ਸਤੀਸ਼ ਕਾਲੜਾ ਨੇ ਕਿਹਾ ਕਿ ਸਾਡੇ ਸਕੂਲ ਵਿਜਡਮ ਇੰਟਰਨੈਸ਼ਨਲ ਸਕੂਲ ਲੀਲਾਂ ਮੇਘ ਸਿੰਘ ਵਿੱਚ ਜਿੱਥੇ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਲ ਕਰਵਾਈ ਜਾਂਦੀ ਹੈ। ਉੱਥੇ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਬੱਚਿਆਂ ਨੂੰ ਖੇਡਾਂ ਨਾਲ ਵੀ ਜੋੜਿਆ ਜਾਂਦਾ ਹੈ। ਤੇ ਸਮੇਂ ਸਮੇਂ ਤੇ ਸਕੂਲ ਵਿੱਚ ਧਾਰਮਿਕ, ਸਭਿਆਚਾਰਕ, ਅਤੇ ਹੋਰ ਗਤੀਵਿਧੀਆਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਤੇ ਬੱਚਿਆਂ ਦੇ ਮਨੋਰੰਜਨ ਦਾ ਵੀ ਖ਼ਾਸ ਖ਼ਿਆਲ ਰੱਖਿਆ ਜਾਂਦਾ ਹੈ। ਸਕੂਲ ਵਿੱਚ ਸਮੇਂ ਸਮੇਂ ਤੇ ਵਿੱਦਿਆ ਨਾਲ ਸਬੰਧਿਤ ਵੱਖ ਵੱਖ ਕੰਪੀਟੀਸ਼ਨ ਵੀ ਕਰਵਾਏ ਜਾਂਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਸਾਡੇ ਸਕੂਲ ਦਾ ਮਿਹਨਤੀ ਸਟਾਫ ਬੱਚਿਆਂ ਦੇ ਸਰਬਪੱਖੀ ਵਿਕਾਸ ਨੂੰ ਲੈ ਕੇ ਹਮੇਸ਼ਾ ਅਗਾਂਹ ਵਧੂ ਸੋਚ ਨੂੰ ਲੈ ਕੇ ਚੱਲਦਾ ਹੈ। ਇਸ ਮੌਕੇ ਤੇ ਵਾਈਸ ਪ੍ਰਿੰਸੀਪਲ ਸਤਵਿੰਦਰਜੀਤ ਕੌਰ, ਕੋਆਰਡੀਨੇਟਰ ਜਸਵੰਤ ਕੌਰ ਅਤੇ ਪੀਆਰਓ ਕੁਲਵੀਰ ਕੌਰ, ਨਿਸ਼ਾ, ਕਿਰਨ, ਹਰਪ੍ਰੀਤ ਕੌਰ, ਅੰਜਲੀ, ਜਸਪ੍ਰੀਤ ,ਹਰਲੀਨ, ਪ੍ਰਭਜੋਤ ਸਮੇਤ ਹੋਰ ਬਹੁਤ ਸਾਰੇ ਅਧਿਆਪਕ ਅਤੇ ਬੱਚੇ ਹਾਜ਼ਰ ਸਨ।

**ਪ੍ਰਿੰਸੀਪਲ ਮੈਡਮ ਅਨੀਤਾ ਕਾਲੜਾ ਅਤੇ ਚੇਅਰਮੈਨ ਸਤੀਸ਼ ਕਾਲੜਾ ਨੇ ਬੱਚਿਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ**

ਆਵਾਜ਼ਿ ਕੌਮ AWAZE QAUM International Newspaper & WEB TV

## ਕੈਬਨਿਟ ਮੰਤਰੀ ਈਟੀਓ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਵਿਚ ਜੇਤੂ ਰਹੇ ਉਮੀਦਵਾਰਾਂ ਦਾ ਕੀਤਾ ਸਨਮਾਨ

### ਪਿੰਡਾ ਦੇ ਵਿਕਾਸ ਕਾਰਜਾਂ ਵਿਚ ਅੱਜ ਤੋਂ ਹੀ ਜੁੱਟ ਜਾਓ : ਸ੍ਰ ਈ .ਟੀ .ਓ





**ਜੰਡਿਆਲਾ ਗੁਰੂ, 20 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਪੰਜਾਬ ਵਿੱਚ ਹੋਈਆਂ ਪੰਚਾਇਤ ਸੰਮਤੀ ਚੋਣਾਂ ਦੇ ਨਤੀਜਿਆਂ 'ਚ ਆਮ ਆਦਮੀ ਪਾਰਟੀ ਨੂੰ ਮਿਲੀ ਕਾਮਯਾਬੀ 'ਤੇ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ ਨੇ ਪਾਰਟੀ ਦੇ ਸਾਰੇ ਜੇਤੂ ਉਮੀਦਵਾਰਾਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਜਿੱਤ ਸਿਰਫ਼ ਚੋਣੀ ਕਾਮਯਾਬੀ ਨਹੀਂ, ਸਗੋਂ ਪੰਜਾਬੀਆਂ ਵੱਲੋਂ ਆਮ ਆਦਮੀ ਪਾਰਟੀ ਦੀ ਇਮਾਨਦਾਰ ਅਤੇ ਲੋਕ-ਹਿਤੈਸ਼ੀ ਨੀਤੀਆਂ 'ਤੇ ਲਗਾਈ ਗਈ ਮੋਹਰ ਹੈ। ਉਨਾਂ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਜੰਡਿਆਲੇ ਹਲਕੇ ਦੀਆਂ ਪੰਚਾਇਤ ਸੰਮਤੀ ਦੀਆਂ 25 ਸੀਟਾਂ ਵਿਚੋਂ 21 ਸੀਟਾਂ ਅਤੇ ਜਿਲ੍ਹਾ ਪ੍ਰੀਸ਼ਦ ਦੀਆਂ 4 ਦੇ ਵਿੱਚ 4 ਸੀਟਾਂ ਜਿੱਤ ਕੇ ਜੰਡਿਆਲਾ ਨਿਵਾਸੀਆਂ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਉਹ ਆਮ ਆਦਮੀ ਪਾਰਟੀ ਨਾਲ ਚਟਾਨ ਵਾਂਗ ਖੜੇ ਹਨ। ਸ.ਈ.ਟੀ.ਓ. ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ, ਸਿਹਤ, ਬੁਨਿਆਦੀ ਢਾਂਚੇ, ਪਿੰਡਾਂ ਦੇ ਵਿਕਾਸ ਅਤੇ ਭ੍ਰਿਸ਼ਟਾਚਾਰ ਖ਼ਿਲਾਫ਼ ਚਲਾਈ ਗਈ ਮੁਹਿੰਮ ਨੂੰ ਲੋਕਾਂ ਨੇ ਪੂਰਾ ਸਮਰਥਨ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਪਾਰਟੀ ਨੇ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਆਮ ਲੋਕਾਂ ਦਾ ਭਰੋਸਾ ਜਿੱਤਿਆ ਹੈ, ਜਿਸਦਾ ਨਤੀਜਾ ਇਹ ਫ਼ਤਵਾ ਦੇ ਰੂਪ ਵਿੱਚ ਸਾਹਮਣੇ ਆਇਆ ਹੈ ।ਕੈਬਨਿਟ ਮੰਤਰੀ ਸ: ਈ.ਟੀ.ਓ ਨੇ ਕਿਹਾ ਕਿ ਪੰਚਾਇਤ ਸੰਮਤੀ ਚੋਣਾਂ 'ਚ ਆਪ ਉਮੀਦਵਾਰਾਂ ਦੀ ਜਿੱਤ ਨਾਲ ਪਿੰਡਾਂ ਦੇ ਵਿਕਾਸ ਨੂੰ ਹੋਰ ਤੇਜੀ ਮਿਲੇਗੀ। ਉਨ੍ਹਾਂ ਭਰੋਸਾ ਦਿਵਾਇਆ ਕਿ ਜਿੱਤ ਹਾਸਲ ਕਰਨ ਵਾਲੇ ਨੁਮਾਇੰਦੇ ਪਾਰਟੀ ਦੀ ਨੀਤੀ ਅਨੁਸਾਰ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਲੋਕਾਂ ਦੀ ਸੇਵਾ ਕਰਨਗੇ। ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਅਤੇ ਇਸਦੀ ਹਰ ਨੀਤੀ ਲੋਕ-ਕਲਿਆਣ ਨੂੰ ਧਿਆਨ ਵਿੱਚ ਰੱਖ ਕੇ ਬਣਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਿੰਡਾਂ ਅਤੇ ਸ਼ਹਿਰਾਂ ਦੋਵਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਤਾਂ ਜੋ ਪੰਜਾਬ ਨੂੰ ਖੁਸ਼ਹਾਲ ਸੂਬਾ ਬਣਾਇਆ ਜਾ ਸਕੇ। ਨੇ ਕਿਹਾ ਕਿ ਨਵੇ ਚਿਹਰਿਆਂ ਨੂੰ ਮੌਕਾ ਦਿੱਤਾ ਗਿਆ ਹੈ, ਸਾਰੇ ਵਰਕਰ ਸੇਵਾ ਦੀ ਭਾਵਨਾ ਨਾਲ ਕੰਮ ਕਰਨਗੇ। ਉਨਾਂ ਦੱਸਿਆ ਕਿ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਚੋਣਾਂ ਪੂਰੇ ਨਿਰਪੱਖ ਢੰਗ ਨਾਲ ਹੋਈਆਂ ਹਨ ਅਤੇ ਚੋਣਾਂ ਦੌਰਾਨ ਕਿਸੇ ਕਿਸਮ ਦੀ ਵੀ ਕੋਈ ਵੀ ਅਣਗਹਿਲੀ ਨਹੀਂ ਹੋਈ। ਉਨਾਂ ਕਿਹਾ ਕਿ ਵਿਰੋਧੀ ਪਾਰਟੀਆਂ ਆਪਣੀ ਹਾਰ ਨੂੰ ਹਜ਼ਮ ਨਹੀਂ ਕਰ ਰਹੀਆਂ। ਸਗੋਂ ਝੂਠੇ ਇਲਜਾਮ ਲਗਾ ਕੇ ਜਨਤਾ ਨੂੰ ਗੁੰਮਰਾਹ ਕਰ ਰਹੀਆਂ ਹਨ। ਉਨਾਂ ਕਿਹਾ ਕਿ ਪੰਜਾਬ ਦੀ ਜਨਤਾ ਇਨਾਂ ਝੂਠੇ ਲਾਰਿਆਂ ਨੂੰ ਚੰਗੀ ਤਰ੍ਹਾਂ ਜਾਣ ਚੁੱਕੀ ਹੈ ਅਤੇ ਉਹ ਇਨਾਂ ਵਿਰੋਧੀ ਪਾਰਟੀਆਂ ਨੂੰ ਮੂੰਹ ਨਹੀਂ ਲਗਾਏਗੀ ਅਤੇ 2027 ਦੀਆਂ ਚੋਣਾਂ ਵੀ ਆਮ ਆਦਮੀ ਪਾਰਟੀ ਬਹੁਮਤ ਨਾਲ ਜਿੱਤ ਕੇ ਆਪਣੀ ਸਰਕਾਰ ਬਣਾਏਗੀ। ਇਸ ਮੌਕੇ ਚੇਅਰਮੈਨ ਛਨਾਖ ਸਿੰਘ, ਚੇਅਰਮੈਨ ਗੁਰਵਿੰਦਰ ਸਿੰਘ, ਮੈਡਮ ਸੁਨੈਨਾ ਰੰਧਾਵਾ, ਸ਼ਹਿਰੀਂ ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਮੈਡਮ ਸੁਹਿੰਦਰ ਕੌਰ, ਸਰਪੰਚ ਗੁਰਮੁੱਖ ਸਿੰਘ ਸਰਜਾ, ਸ: ਲਵ ਸਿੰਘ, ਸ਼੍ਰੀ ਜਰਮਨ ਸਿੰਘ, ਸ: ਸਤਨਾਮ ਸਿੰਘ ਤੋਂ ਇਲਾਵਾ ਜੇਤੂ ਰਹੇ ਉਮੀਦਵਾਰਾ ਅਤੇ ਵੱਡੀ ਗਿਣਤੀ ਵਿਚ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਇਸ ਗੱਲ ਦਾ ਮਾਣ ਰਹੂਗਾ ਹਮੇਸ਼ਾ ਕਿ ਸਿੱਖੀ ਸਿਧਾਂਤਾਂ ਦੇ ਮੁਤਾਬਿਕ ਮੈਂ ਭੀੜ ਦਾ ਹਿੱਸਾ ਨਹੀਂ, ਕਿਉਂਕਿ ਗੁਰੂ ਸਾਹਿਬ ਨੇ ਸਾਨੂੰ ਭੇਡਾ ਨਹੀਂ ਸ਼ੇਰ ਬਣਾਇਆ



ਆਪਣੀ ਗੱਲ ਤੇ ਆਪਣੇ ਸਟੈਂਡ ਤੇ ਅਡੋਲ ਖੜੇ ਰਹਿਣਾ । ਇਹ ਉਦੋਂ ਹੀ ਸੰਭਵ ਹੈ ਜਦੋਂ ਗੁਰੂ ਸਾਹਿਬ ਦੀ ਤੁਹਾਡੇ ਤੇ ਕਿਰਪਾ ਹੋਵੇ । ਅਡੋਲਤਾਂ ਅਤੇ ਸਟੈਂਡ ਉਮਰਾਂ ਅਤੇ ਅਹੁਦਿਆਂ ਦਾ ਮੁਹਤਾਜ ਨਹੀਂ ਹੁੰਦਾ । ਜੇ ਸੱਚ ਬੋਲ ਕੇ ਅੰਜਾਮ ਤੋਂ ਡਰਨਾ ਤਾਂ ਆਪਣੀ ਗੱਲ ਤੇ ਸਟੈਂਡ ਨਹੀਂ ਲੈ ਹੋਣਾ । ਕੱਦ ਚ ਜਾਂ ਅਹੁਦਿਆਂ ਚ ਵੱਡਾ ਹੋਣਾ ਮਾਨਸਿਕਤਾ ਦੀ ਤਾਕਤ ਤੈਅ ਨਹੀਂ ਕਰਦਾ । ਜਰਾਫ ਤੇ ਹਾਥੀ ਜੰਗਲ ਚ ਸਭ ਤੋਂ ਵੱਡੇ ਹੁੰਦੇ ਨੇ । ਪਰ ਫਿਰ ਵੀ ਜੰਗਲ ਦਾ ਰਾਜਾ ਸ਼ੇਰ ਹੀ ਹੁੰਦਾ । ਮਾਨਸਿਕਤਾ ਕਰਕੇ । ਨਿਜ ਲਈ ਤਾਂ ਸੰਸਾਰ ਲੜਦਾ, ਪਰ ਦੂਜਿਆਂ ਲਈ ਤੁਸੀਂ ਕੀ ਕਰ ਸਕਦੇ ? ਜਿੱਥੇ ਤੁਹਾਨੂੰ ਪਤਾ ਹੋਵੇ ਜਿਨਾਂ ਦੀ ਤੁਸੀਂ ਗੱਲ ਕਰ ਰਹੇ ਆ ਉਹਨਾਂ ਨੇ ਤੁਹਾਡੇ ਲਈ ਕੁਝ ਨਹੀਂ ਕਰਨਾ । ਫਿਰ ਵੀ ਤੁਸੀਂ ਬੋਲ ਰਹੇ ਹੋ । ਇਹਨਾਂ ਸ਼ਬਦਾਂ ਲਈ ਇਤਿਹਾਸ ਵਿੱਚ ਸਭ ਤੋਂ ਵੱਡੀ ਉਦਾਹਰਨ ਬਾਬਾ ਫਤਿਹ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਹੈ । ਬਾਬਾ ਫਤਿਹ ਸਿੰਘ ਜੀ ਵਰਗਾ ਨਾ ਕੋਈ ਸੰਸਾਰ ਤੇ ਹੋ ਸਕਦਾ ਤੇ ਨਾ ਹੋਣਾ । ਬਾਬਾ ਫਤਿਹ ਸਿੰਘ ਜੀ ਦੇ ਪਾਏ ਪੂਰਨਿਆਂ ਤੇ ਤਿਲ ਜੀਨਾ ਵੀ ਚੱਲਣ ਦੀ ਕੋਸ਼ਿਸ਼ ਕਰਨਾ ਉਹਨਾਂ ਦੀ ਸ਼ਹਾਦਤ ਨੂੰ ਸਭ ਤੋਂ ਵੱਡਾ ਸਿਜਦਾ ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243